

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 15, ਮਈ 2019 (ਵੈਸਾਖ-ਜੇਠ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com


## ਆਸਾਮ ਦੇ ਸਿੱਖ ਬੱਚਿਆਂ ਨੂੰ ਪੰਜਾਬੀ ਸਿਖਾਉਣ ਲਈ ਸ਼੍ਰੋਮਣੀ ਕਮੇਟੀ ਖੋਲ੍ਹੇਗੀ ਸਕੂਲ -ਭਾਈ ਲੌਂਗੋਵਾਲ

### 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਹਾਟੀ (ਆਸਾਮ) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ




ਗੁਹਾਟੀ 7 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਸਾਮ ਅੰਦਰ ਸਿੱਖ ਭਾਈਚਾਰੇ ਦੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਨਾਲ ਜੋੜਨ ਲਈ ਸਕੂਲ ਸਥਾਪਤ ਕਰੇਗੀ। ਇਸ ਕਾਰਜ ਲਈ ਜਗ੍ਹਾ ਦਾ ਪ੍ਰਬੰਧ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜ਼ੋਨ ਧੋਬੜੀ ਸਾਹਿਬ ਅਸਾਮ ਵੱਲੋਂ ਕੀਤਾ ਜਾਵੇਗਾ, ਜਦਕਿ ਸਕੂਲ ਤਿਆਰ ਕਰਨ ਅਤੇ ਚਲਾਉਣ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ। ਇਹ ਐਲਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜ਼ੋਨ ਧੋਬੜੀ ਸਾਹਿਬ ਅਸਾਮ ਅਤੇ ਸਥਾਨਕ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੋਪੀਨਾਥ ਨਗਰ ਗੁਹਾਟੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅਸਾਮ ਦੇ ਪਿੰਡਾਂ ਅੰਦਰ ਵੱਸਦੇ ਸਿੱਖਾਂ ਦੇ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਤੇ ਗੁਰਮੁਖੀ ਨਾਲ ਜੋੜਨ ਦੇ ਨਾਲ-ਨਾਲ ਸਿੱਖ ਸੱਭਿਆਚਾਰ ਤੇ ਕਦਰਾਂ-ਕੀਮਤਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਅੱਜ ਦੀ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਫਲਸਫ਼ੇ ਅਤੇ ਉਪਦੇਸ਼ਾਂ ਨਾਲ ਜੋੜਨਾ ਸਿੱਖ ਸੰਸਥਾਵਾਂ ਅਤੇ ਸੰਗਤਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਭਾਈ ਲੌਂਗੋਵਾਲ ਨੇ ਅਸਾਮ ਦੀਆਂ ਸੰਗਤਾਂ ਨੂੰ 550ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਸਮਾਗਮਾਂ 'ਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿਚ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਹੀ ਸਮਾਜ ਨੂੰ ਦਰਪੇਸ਼ ਸਮੱਸਿਆਵਾਂ ਵਿੱਚੋਂ ਕੱਢ ਸਕਦੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਅਸਾਮ ਅੰਦਰ ਸਿੱਖਾਂ ਦੇ ਬੱਚਿਆਂ ਨੂੰ ਪੰਜਾਬੀ ਤੇ ਗੁਰਮੁਖੀ ਦੀ ਸਿੱਖਿਆ ਦੇਣ ਲਈ ਸਕੂਲ ਖੋਲ੍ਹਣ ਦੇ ਐਲਾਨ ਦਾ ਸਵਾਗਤ ਕੀਤਾ।

## ਸ਼੍ਰੋਮਣੀ ਕਮੇਟੀ ਵੱਲੋਂ ਖ਼ਾਲਸਾ ਸਾਜਨਾ ਦਿਵਸ ਮੌਕੇ ਕਰਵਾਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ 11,400 ਪ੍ਰਾਣੀ ਗੁਰੂ ਵਾਲੇ ਬਣੇ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖ਼ਾਲਸਾ ਸਿਰਜਣਾ ਦਿਵਸ ਮੌਕੇ ਵੱਖ ਵੱਖ ਥਾਵਾਂ 'ਤੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਦੌਰਾਨ ਗਿਆਰ੍ਹਾਂ ਹਜ਼ਾਰ ਚਾਰ ਸੌ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ ਹੈ। ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਖ਼ਾਲਸਾ ਸਾਜਣਾ ਦਿਵਸ (ਵੈਸਾਖੀ) ਦੇ ਸਮਾਗਮਾਂ ਦੌਰਾਨ 12 ਅਪ੍ਰੈਲ ਤੋਂ 16 ਅਪ੍ਰੈਲ ਤੱਕ ਪੰਜਾਬ ਅੰਦਰ ਮਾਝਾ, ਦੁਆਬਾ ਤੇ ਮਾਲਵਾ ਜੋਨਾਂ ਦੇ ਨਾਲ-ਨਾਲ ਸਿੱਖ ਮਿਸ਼ਨ ਹਰਿਆਣਾ, ਉੱਤਰ ਪ੍ਰਦੇਸ਼, ਗੁਜਰਾਤ ਤੇ ਉਤਰਾਖੰਡ ਆਦਿ ਥਾਵਾਂ 'ਤੇ ਵੱਡੀ ਗਿਣਤੀ ਵਿਚ ਸੰਗਤਾਂ ਅੰਮ੍ਰਿਤ ਪਾਨ ਕਰਕੇ ਪੰਥਕ ਪਰਿਵਾਰ ਦਾ ਹਿੱਸਾ ਬਣੀਆਂ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਦੇਖ-ਰੇਖ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਗਈ ਧਰਮ ਪ੍ਰਚਾਰ ਲਹਿਰ ਤਹਿਤ ਪ੍ਰਚਾਰ ਵਹੀਰਾਂ ਦੁਆਰਾ ਸੰਗਤਾਂ ਤੱਕ ਨਿਰੰਤਰ ਪਹੁੰਚ ਕੀਤੀ ਜਾ ਰਹੀ ਹੈ ਅਤੇ ਇਸੇ ਦਾ ਹੀ ਨਤੀਜਾ ਹੈ ਕਿ ਪਿਛਲੇ ਸਾਲ ਦੌਰਾਨ ਇਕ ਲੱਖ ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸ ਵਰ੍ਹੇ ਵੀ ਪ੍ਰਚਾਰਕ ਜਥਿਆਂ ਵੱਲੋਂ ਲਗਾਤਾਰ ਧਰਮ ਪ੍ਰਚਾਰ ਕੀਤਾ ਜਾ ਰਿਹਾ ਹੈ। ਖ਼ਾਲਸਾ ਸਾਜਣਾ ਦਿਵਸ ਸਬੰਧੀ ਅੰਮ੍ਰਿਤ ਸੰਚਾਰ ਸਮਾਗਮਾਂ ਦੇ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਮਾਝਾ ਜੋਨ 'ਚ ਵੱਖ-ਵੱਖ ਥਾਵਾਂ 'ਤੇ ਹੋਏ ਅੰਮ੍ਰਿਤ ਸੰਚਾਰ ਦੌਰਾਨ 2322 ਪ੍ਰਾਣੀ ਗੁਰੂ ਵਾਲੇ ਬਣੇ ਹਨ। ਇਸੇ ਤਰ੍ਹਾਂ ਦੁਆਬਾ ਜੋਨ ਵਿਚ ਅੰਮ੍ਰਿਤ ਛਕਣ ਵਾਲੀਆਂ ਗਿਣਤੀ 5618 ਹੈ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਅਨੁਸਾਰ ਮਾਲਵਾ ਜੋਨ ਅੰਦਰ 2708 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਜਦਕਿ ਸਿੱਖ ਮਿਸ਼ਨ ਹਰਿਆਣਾ ਵੱਲੋਂ 326, ਸਿੱਖ ਮਿਸ਼ਨ ਹਾਪੁੜ ਉਤਰਪ੍ਰਦੇਸ਼ ਵੱਲੋਂ 246, ਸਿੱਖ ਮਿਸ਼ਨ ਗੁਜਰਾਤ ਵੱਲੋਂ 51 ਅਤੇ ਸਿੱਖ ਮਿਸ਼ਨ ਉਤਰਾਖੰਡ ਵੱਲੋਂ 169 ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ ਗਿਆ।

ਸ. ਜੌੜਾਸਿੰਘਾ ਅਨੁਸਾਰ ਖ਼ਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਹੋਏ ਇਨ੍ਹਾਂ ਅੰਮ੍ਰਿਤ ਸੰਚਾਰ ਸਮਾਗਮਾਂ ਤੋਂ ਇਲਾਵਾ ਵੀ ਇਸ ਸਾਲ ਵੱਖ ਵੱਖ ਥਾਵਾਂ 'ਤੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕੀਤੇ ਗਏ ਹਨ, ਜਿਨ੍ਹਾਂ ਵਿਚ ਹਜ਼ਾਰਾਂ ਸੰਗਤਾਂ ਗੁਰੂ ਲੜ ਲੱਗੀਆਂ ਹਨ। ਉਨ੍ਹਾਂ ਕਿਹਾ ਕਿ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਲਗਾਤਾਰ ਜਾਰੀ ਹੈ ਅਤੇ ਇਸ ਨੂੰ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।



ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਵਿਖੇ ਸਾਲਾਨਾ ਡਿਗਰੀ ਵੰਡ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਡਿਗਰੀਆਂ ਵੰਡਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ। ਉਨ੍ਹਾਂ ਨਾਲ ਮੈਂਬਰ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਅਧਿਕਾਰੀ।

## 550ਵੇਂ ਪ੍ਰਕਾਸ਼ ਪੁਰਬ ਮੌਕੇ ਹੋਣ ਵਾਲੇ ਸਮਾਗਮਾਂ ਪ੍ਰਤੀ ਸਿੱਖ ਜਥੇਬੰਦੀਆਂ ਨੇ ਸ਼੍ਰੋਮਣੀ ਕਮੇਟੀ ਨੂੰ ਸਹਿਯੋਗ ਲਈ ਵਚਨਬੱਧਤਾ ਪ੍ਰਗਟਾਈ




ਸੁਲਤਾਨਪੁਰ ਲੋਧੀ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 12 ਨਵੰਬਰ 2019 ਨੂੰ ਮਨਾਏ ਜਾ ਰਹੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ ਨੇ ਸਮੁੱਚੇ ਸਿੱਖ ਜਗਤ ਦੇ ਸਹਿਯੋਗ ਨਾਲ ਕੀਤੇ ਜਾਣ ਵਾਲੇ ਕੁਝ ਪ੍ਰਮੁੱਖ ਗੁਰਮਤਿ ਸਮਾਗਮਾਂ ਦਾ ਵੇਰਵਾ ਜਾਰੀ ਕੀਤਾ ਹੈ। ਗੁਰੂ ਸਾਹਿਬ ਦੇ ਇਸ ਇਤਿਹਾਸਕ ਪੁਰਬ ਨੂੰ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸਿੱਖ ਜਥੇਬੰਦੀਆਂ, ਮਹਾਂਪੁਰਖਾਂ, ਨਿਹੰਗ ਸਿੰਘ ਦਲਾਂ ਅਤੇ ਸਭਾ-ਸੁਸਾਇਟੀਆਂ ਨਾਲ ਕੀਤੀ ਗਈ ਭਰਵੀਂ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਜਗਤ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਲਈ ਸਰਬਸਾਂਝੀ ਹੈ ਅਤੇ ਉਨ੍ਹਾਂ ਦਾ 550ਵਾਂ ਪ੍ਰਕਾਸ਼ ਪੁਰਬ ਵੀ ਸਮੁੱਚੇ ਸਿੱਖ ਜਗਤ ਵੱਲੋਂ ਇਕਜੁੱਟਤਾ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਕੀਤੇ ਜਾਣ ਵਾਲੇ ਪ੍ਰਮੁੱਖ ਸਮਾਗਮਾਂ ਦੀ ਰੂਪ ਰੇਖਾ ਜਾਰੀ ਕਰਦਿਆਂ ਉਨ੍ਹਾਂ ਦੱਸਿਆ ਕਿ ਜਿਥੇ 12 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਵਿਸ਼ੇਸ਼ ਪੰਡਾਲ ਵਿਚ ਮੁੱਖ ਸਮਾਗਮ ਆਯੋਜਿਤ ਕੀਤਾ ਜਾਵੇਗਾ, ਉਥੇ ਹੀ 9 ਨਵੰਬਰ ਤੋਂ ਲੈ ਕੇ ਵੱਖ-ਵੱਖ ਸਮਾਗਮ ਵੀ ਹੋਣਗੇ। ਉਨ੍ਹਾਂ ਦੱਸਿਆ ਕਿ 9 ਨਵੰਬਰ ਨੂੰ ਸਵੇਰੇ ਵਿਸ਼ਾਲ ਇਸਤਰੀ ਸੰਮੇਲਨ ਕੀਤਾ ਜਾਵੇਗਾ, ਜਦਕਿ 9 ਨਵੰਬਰ ਦੀ ਰਾਤ ਨੂੰ ਇਕ ਮਹਾਨ ਢਾਡੀ ਦਰਬਾਰ ਹੋਵੇਗਾ, ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸ ਤੋਂ ਜਾਣੂੰ ਕਰਵਾਉਣਗੇ। 10 ਨਵੰਬਰ ਨੂੰ ਇਨਾਮੀ ਕਵੀ ਦਰਬਾਰ ਸੰਗਤਾਂ ਦੀ ਖਿੱਚ ਦਾ ਕੇਂਦਰ ਹੋਵੇਗਾ ਅਤੇ ਇਸ ਵਿਚ ਬੇਹਤਰ ਪੇਸ਼ਕਾਰੀ ਕਰਨ ਵਾਲੇ ਕਵੀਆਂ ਨੂੰ ਵਿਸ਼ੇਸ਼ ਤੌਰ 'ਤੇ ਇਨਾਮ ਦਿੱਤੇ ਜਾਣਗੇ। ਇਸੇ ਤਰ੍ਹਾਂ 11 ਨਵੰਬਰ ਦੀ ਰਾਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੁਰਬਾਣੀ ਦੇ ਅਧਾਰ 'ਤੇ ਰਾਗ ਦਰਬਾਰ ਕੀਤਾ ਜਾਵੇਗਾ। ਭਾਈ ਲੌਂਗੋਵਾਲ ਨੇ ਦੱਸਿਆ ਕਿ 12 ਨਵੰਬਰ ਨੂੰ ਮੁੱਖ ਸਮਾਗਮ ਦੌਰਾਨ ਤਖ਼ਤ ਸਾਹਿਬਾਨ ਦੇ ਜਥੇਦਾਰ, ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਤੋਂ ਇਲਾਵਾ ਦੇਸ਼ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਵੱਖ-ਵੱਖ ਸੂਬਿਆਂ ਦੇ ਗਵਰਨਰ ਸਾਹਿਬਾਨ ਅਤੇ ਮੁੱਖ ਮੰਤਰੀ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਵਿਦੇਸ਼ਾਂ ਦੇ ਆਗੂਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸੱਦੇ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਵਾਲੇ ਦਿਨ ਸ਼੍ਰੋਮਣੀ ਕਮੇਟੀ ਵੱਲੋਂ ਦੁਨੀਆਂ ਭਰ 'ਚੋਂ ਕਿਰਤੀਆਂ ਦੇ ਸਨਮਾਨ ਲਈ ਸਮਾਗਮ ਹੋਵੇਗਾ। ਭਾਈ ਲੌਂਗੋਵਾਲ ਅਨੁਸਾਰ ਇਸ ਤੋਂ ਪਹਿਲਾਂ 10 ਅਕਤੂਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਿਸ਼ਵ ਸਿੱਖ ਸੰਮੇਲਨ ਅਤੇ 8 ਨਵੰਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਅੰਤਰ-ਧਰਮ ਸੰਵਾਦ ਸੰਮੇਲਨ ਵੀ ਕਰਵਾਏ ਜਾਣਗੇ। ਸ਼ਤਾਬਦੀ ਸਮਾਗਮਾਂ ਤੋਂ ਪਹਿਲਾਂ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਪ੍ਰੋਗਰਾਮ ਜਾਰੀ ਰਹਿਣਗੇ। ਇਨ੍ਹਾਂ ਵਿਚ ਕੌਮੀ ਸੈਮੀਨਾਰ, ਨਗਰ ਕੀਰਤਨ, ਵਿਚਾਰ ਗੋਸ਼ਟੀਆਂ ਆਦਿ ਵਿਸ਼ੇਸ਼ ਹੋਣਗੀਆਂ। ਇਸ ਦੇ ਨਾਲ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਤੇ ਜੀਵਨ ਇਤਿਹਾਸ ਨਾਲ ਸਬੰਧਤ ਵੱਖ-ਵੱਖ ਭਾਸ਼ਾਵਾਂ ਵਿਚ ਪੁਸਤਕਾਂ ਛਪਵਾਈਆਂ ਜਾਣਗੀਆਂ। ਪੇਂਟਿੰਗ ਵਰਕਸ਼ਾਪ, ਧਾਰਮਿਕ ਮੁਕਾਬਲੇ ਤੇ ਸ਼ਬਦ ਵਿਚਾਰ ਸਮਾਗਮ ਵੀ ਕਰਵਾਏ ਜਾਣਗੇ ਅਤੇ ਸ਼ਤਾਬਦੀ ਸਬੰਧੀ ਸਟਿੱਕਰ, ਬੈਜ ਆਦਿ ਵੀ ਵੱਡੀ ਪੱਧਰ 'ਚ ਸੰਗਤ ਵਿਚ ਵੰਡੇ ਜਾਣਗੇ।

ਇਕੱਤਰਤਾ ਦੌਰਾਨ ਬਾਬਾ ਬਲਬੀਰ ਸਿੰਘ ਸੀਚੇਵਾਲ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਸ. ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ, ਸ. ਅਵਤਾਰ ਸਿੰਘ ਹਿੱਤ, ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਜਗਜੀਤ ਸਿੰਘ ਹਰਖੋਵਾਲ, ਸ. ਮਨਜੀਤ ਸਿੰਘ ਭਾਟੀਆ ਇੰਦੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਗੁਰਮਤਿ ਸਿੰਘ ਰਾਏਪੁਰ, ਬੀਬੀ ਕਮਲੇਸ਼ ਕੌਰ ਸ਼ਾਹਜਹਾਨਪੁਰ, ਬਾਬਾ ਸੇਵਾ ਸਿੰਘ ਗੁਰਦੁਆਰਾ ਨਾਨਕ ਮਤਾ ਸਾਹਿਬ, ਸ. ਨਿਰਮਲ ਸਿੰਘ ਪ੍ਰਧਾਨ ਲਖਨਊ, ਬਾਬਾ ਬੁੱਧ ਸਿੰਘ ਨਿੱਕੇਘੁੰਮਣ, ਸ. ਦਰਬਾਰਾ ਸਿੰਘ ਬਿਦਰ, ਸ.

ਬਾਕੀ ਸਫ਼ਾ 2 'ਤੇ

## ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਦੇ ਦਰਬਾਰ ਹਾਲ ਦੀ ਨਵੀਂ ਇਮਾਰਤ ਸੰਗਤ ਅਰਪਣ

### ਭਾਈ ਨਿਗਾਹੀਆ ਸਿੰਘ ਦੀ ਤਸਵੀਰ ਅਜਾਇਬ ਘਰ ਵਿਚ ਲਗਾਈ ਜਾਵੇਗੀ -ਭਾਈ ਲੌਂਗੋਵਾਲ



ਲੁਧਿਆਣਾ 9 ਅਪ੍ਰੈਲ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਛਰਨ ਛੋਹ ਅਸਥਾਨ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਦੇ ਨਵੇਂ ਬਣੇ ਸੁੰਦਰ ਦਰਬਾਰ ਹਾਲ ਦੀ ਇਮਾਰਤ ਨੂੰ ਅੱਜ ਜੈਕਾਰਿਆਂ ਦੀ ਗੂੰਜ ਵਿਚ ਸੰਗਤ ਅਰਪਣ ਕੀਤਾ ਗਿਆ। ਸਮਾਗਮ ਸਮੇਂ ਬੋਲਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸੰਗਤਾਂ ਨੇ ਤਨ, ਮਨ ਤੇ ਧਨ ਦੀ ਸੇਵਾ ਨਾਲ ਸੁੰਦਰ ਇਮਾਰਤ ਦਾ ਨਿਰਮਾਣ ਕਰ ਕੇ ਕਿਰਤ ਕਮਾਈ ਸਫਲ ਕੀਤੀ ਹੈ। ਉਨ੍ਹਾਂ ਸੰਗਤਾਂ ਅਤੇ ਕਾਰ ਸੇਵਾ ਵਾਲੇ ਬਾਬਾ ਅਮਰੀਕ ਸਿੰਘ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਭਾਈ ਨਿਗਾਹੀਆ ਸਿੰਘ ਦੀ ਫੋਟੋ ਸ੍ਰੀ ਦਰਬਾਰ ਸਾਹਿਬ ਦੇ ਅਜਾਇਬ ਘਰ ਵਿਚ ਲਾਉਣ ਦਾ ਐਲਾਨ ਵੀ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਗੁਰਦੁਆਰਾ ਸਾਹਿਬ ਸਿੱਖ ਧਰਮ ਦੀ ਵੱਡੀ ਸੰਸਥਾ ਹੈ, ਜਿਥੇ ਆ ਕੇ ਸਾਨੂੰ ਸੋਝੀ, ਸਮਝ ਅਤੇ ਗੁਰੂ ਦੀ ਮੱਤ ਮਿਲਦੀ ਹੈ। ਉਨ੍ਹਾਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਹਿਯੋਗ ਦੇ ਕੇ ਕਾਰਸੇਵਾ ਵਾਲੇ ਬਾਬਿਆਂ ਪਾਸੋਂ ਸੁੰਦਰ ਗੁਰੂ ਘਰ ਦੀ ਇਮਾਰਤ ਤਿਆਰ ਕਰਵਾਈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਘਰਾਂ ਲਈ ਕਿਸੇ ਵੀ ਕੁਰਬਾਨੀ ਤੋਂ ਪਿੱਛੇ

ਬਾਕੀ ਸਫ਼ਾ 8 'ਤੇ

# ਸ਼ਤਾਬਦੀ ਸਮਾਗਮਾਂ ਪ੍ਰਤੀ ਉਤਸ਼ਾਹ ਭਰਨ 'ਚ ਸਹਾਈ ਸਿਧ ਹੋਈ 'ਸ਼ਬਦ ਗੁਰੂ ਯਾਤਰਾ'

ਸ੍ਰੀ ਗੁਰੂ ਨਾਨਕ ਸਾਹਿਬ ਨੇ ਮਨੁੱਖਤਾ ਨੂੰ ਸਰਬ ਸਾਂਝੀਵਾਲਤਾ ਤੇ ਆਪਸੀ ਭਾਈਚਾਰੇ ਦਾ ਉਪਦੇਸ਼ ਦਿੱਤਾ। ਗੁਰੂ ਜੀ ਨੇ ਨਾਮ ਜਪਣ, ਕਿਰਤ ਕਰਨ ਤੇ ਵੰਡ ਛਕਣ ਦਾ ਉਪਦੇਸ਼ ਦ੍ਰਿੜ ਕਰਵਾਉਂਦਿਆਂ ਜਾਤਾਂ-ਪਾਤਾਂ ਤੇ ਫਿਰਕਿਆਂ ਵਿਚ ਵੰਡੀ ਲੋਕਾਈ ਨੂੰ ਨਾਮ ਮਾਰਗ ਨਾਲ ਜੋੜਿਆ। ਸਾਡੇ ਲਈ ਮਾਣ ਵਾਲੀ ਗਲ ਹੈ ਕਿ ਅਸੀਂ ਗੁਰੂ ਨਾਨਕ ਸਾਹਿਬ ਦਾ 550ਵਾਂ ਪ੍ਰਕਾਸ਼ ਪੁਰਬ ਇਸ ਸਾਲ ਨਵੰਬਰ ਮਹੀਨੇ ਵਿਚ ਮਨਾ ਰਹੇ ਹਾਂ। ਇਹ ਮੌਕਾ ਗੁਰੂ ਸਾਹਿਬ ਵੱਲੋਂ ਮਨੁੱਖਤਾ ਦੇ ਕਲਿਆਣ ਲਈ ਬਖ਼ਸ਼ੇ ਸਿਧਾਂਤਾ, ਸਿਖਿਆਵਾਂ, ਵਿਚਾਰਧਾਰਾ ਤੇ ਫਲਸਫੇ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਹੈ।

ਇਸ ਇਤਿਹਾਸਕ ਮੌਕੇ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਕਾਰਜ਼ਸੀਲ ਹੈ। ਸ਼੍ਰੋਮਣੀ ਕਮੇਟੀ ਦਾ ਮੁੱਖ ਨਿਸ਼ਾਨਾ ਸ਼ਤਾਬਦੀ ਸਮਾਗਮਾਂ ਨੂੰ ਅਲੌਕਿਕ ਢੰਗ ਨਾਲ ਮਨਾਉਦਿਆਂ ਇਨ੍ਹਾਂ ਸਮਾਗਮਾਂ ਵਿਚ ਸੰਗਤਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਕਰਵਾਉਣਾ ਹੈ। ਇਸ ਮੌਕੇ ਦਾ ਵੱਧ ਤੋਂ ਵੱਧ ਲਾਹਾ ਲਿਆ ਜਾ ਸਕੇ ਇਸ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਸਾਹਿਬ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਦਾ ਅਯੋਜਨ ਕੀਤਾ ਜਾ ਰਿਹਾ ਹੈ। ਸਿੱਖ ਨੌਜਵਾਨੀ ਨੂੰ ਵਿਰਸੇ ਨਾਲ ਜੋੜਣ ਅਤੇ ਗੁਰੂ ਸਾਹਿਬ ਦੀ ਵਿਚਾਰਧਾਰਾ ਦੇ ਪ੍ਰਚਾਰ-ਪ੍ਰਸਾਰ ਲਈ ਯੁਨੀਵਰਸਿਟੀਆਂ ਅਤੇ ਕਾਲਜਾਂ ਵਿਚ ਵਿਸ਼ੇਸ ਸੈਮੀਨਾਰ ਕਰਵਾਏ ਜਾ ਰਹੇ ਹਨ। ਇਸ ਦੇ ਨਾਲ ਹੀ ਧਰਮ ਪ੍ਰਚਾਰ ਕਮੇਟੀ ਵੱਲੋਂ ਪੰਜਾਬ ਅਤੇ ਪੰਜਾਬ ਤੋਂ ਬਾਹਰ ਗੁਰਮਤਿ ਸਮਾਗਮਾਂ ਦੀ ਲੜੀ ਲਗਾਤਾਰ ਜਾਰੀ ਹੈ।

ਇਸੇ ਲੜੀ ਤਹਿਤ ਸ੍ਰੀ ਗੁਰੂ ਨਾਨਕ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਨਵੰਬਰ ਮਹੀਨੇ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਸਮਾਗਮਾਂ ਪ੍ਰਤੀ ਸੰਗਤਾਂ ਵਿਚ ਉਤਸ਼ਾਹ ਭਰਨ ਦੇ ਮਕਸਦ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਕਰੀਬ ਚਾਰ ਮਹੀਨੇ ਪਹਿਲਾਂ 7 ਜਨਵਰੀ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਤੋਂ 'ਸ਼ਬਦ ਗੁਰੂ ਯਾਤਰਾ' ਦਾ ਆਰੰਭ ਕੀਤਾ ਗਿਆ ਸੀ। ਇਸ ਯਾਤਰਾ ਵਿਚ ਇਤਿਹਾਸਕ ਨਿਸ਼ਾਨੀਆਂ ਵਾਲੀ ਬਸ ਵੀ ਸ਼ਾਮਲ ਸੀ, ਜਿਸ ਵਿਚ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੁਆਰਾ ਮੋਦੀਖਾਨੇ ਵਿਚ ਕੰਮ ਕਰਨ ਸਮੇਂ ਵਰਤੇ ਗਏ ਵੱਟੇ ਅਤੇ ਹੋਰ ਇਤਿਹਾਸਕ ਸ਼ਸਤਰ ਸ਼ਾਮਲ ਸਨ। ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਦਾ ਮਕਸਦ ਸੰਗਤਾਂ ਵਿਚ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਨਵੰਬਰ ਵਿਚ ਕੀਤੇ ਜਾਣ ਵਾਲੇ ਸਮਾਗਮਾਂ ਪ੍ਰਤੀ ਉਤਸ਼ਾਹ ਭਰਨਾ ਹੈ।

ਚਾਰ ਮਹੀਨੇ ਦੇ ਆਪਣੇ ਸਫਰ ਦੌਰਾਨ ਇਹ ਯਾਤਰਾ ਪੰਜਾਬ ਦੇ ਕਰੀਬ ਹਰ ਹਲਕੇ ਵਿਚ ਪਹੁੰਚੀ। ਹਰ ਪੜਾਅ ਤੇ ਸੰਗਤਾਂ ਸ਼ਬਦ ਗੁਰੂ ਯਾਤਰਾ ਵਿਚ ਉਤਸ਼ਾਹ ਨਾਲ ਸ਼ਾਮਲ ਹੋਈਆਂ ਅਤੇ ਭਰਵਾਂ ਸਵਾਗਤ ਕਰਦਿਆਂ ਲਾਹਾ ਲਿਆ। ਸ਼ਬਦ ਗੁਰੂ ਯਾਤਰਾ ਦੇ ਰੂਪ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਉਪਰਾਲਾ ਸੰਗਤਾਂ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਨਵੰਬਰ ਮਹੀਨੇ ਕੀਤੇ ਜਾਣ ਵਾਲੇ ਸ਼ਤਾਬਦੀ ਸਮਾਗਮਾਂ ਪ੍ਰਤੀ ਉਤਸ਼ਾਹ ਭਰਨ ਵਿਚ ਸਹਾਈ ਸਿਧ ਹੋਵੇਗਾ।

-ਬਲਵਿੰਦਰ ਸਿੰਘ ਜੌੜਾ ਸਿੰਘਾ

# ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਅਸਾਮ 'ਚ ਵੱਸੇ ਸਿੱਖਾਂ ਦੀ ਸਾਰ ਲਵੇਗੀ ਸ਼੍ਰੋਮਣੀ ਕਮੇਟੀ-ਡਾ. ਰੂਪ ਸਿੰਘ

## ਭਾਈ ਲੌਂਗੋਵਾਲ ਦੇ ਨਿਰਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਅਸਾਮ ਦੇ ਸਥਾਨਕ ਸਿੱਖਾਂ ਤੱਕ ਕੀਤੀ ਪਹੁੰਚ



ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਤੇ ਅਧਿਕਾਰੀਆਂ ਨੇ ਅਸਾਮ 'ਚ 1820 ਈ: ਤੋਂ ਵੱਸੇ ਸਥਾਨਕ ਸਿੱਖਾਂ ਦੇ ਪਿੰਡਾਂ ਦਾ ਦੌਰਾ ਕੀਤਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਜਾਣੀਆ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਸਾਮ ਦੀ ਰਾਜਧਾਨੀ ਗੁਹਾਟੀ ਵਿਖੇ ਸਿੱਖ ਪ੍ਰਤੀਨਿਧੀ ਬੋਰਡ ਈਸਟਰਨ ਜ਼ੋਨ ਧੋਬੜੀ ਸਾਹਿਬ ਤੇ ਹੋਰ ਗੁਰਦੁਆਰਾ ਕਮੇਟੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮਾਂ 'ਚ ਹਿੱਸਾ ਲੈਣ ਲਈ ਸ਼੍ਰੋਮਣੀ ਕਮੇਟੀ ਦਾ ਵਫ਼ਦ ਅਸਾਮ ਪੁੱਜਾ ਹੋਇਆ ਹੈ।



ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ 'ਤੇ ਸਥਾਨਕ ਸਿੱਖਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਸਿੱਖ ਸੰਸਥਾਵਾਂ ਨਾਲ ਸਾਂਝ ਬਣਾਈ ਰੱਖਣ ਲਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਤੇ ਅਧਿਕਾਰੀ ਪਿੰਡ ਬਰਕੋਲਾ ਸਿੰਘ ਗਾਉਂ ਤੇ ਛਾਪਰਮੁਖ ਵਿਖੇ ਪਹੁੰਚੇ। ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਅਸਾਮ 'ਚ ਵੱਸਦੇ ਸਿੱਖਾਂ ਦੇ ਇਨ੍ਹਾਂ ਇਤਿਹਾਸਕ ਪਿੰਡਾਂ ਦਾ ਦੌਰਾ ਕਰਨ ਮਗਰੋਂ ਦੱਸਿਆ ਕਿ ਸ਼੍ਰੋਮਣੀ ਕਮੇਟੀ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਰ ਸੂਬੇ ਅੰਦਰ ਧਰਾਤਲ ਪੱਧਰ 'ਤੇ ਵੱਸੇ ਸਿੱਖਾਂ ਉਪਰ ਆਪਣੀ ਪਹੁੰਚ ਬਣਾ ਰਹੀ ਹੈ ਅਤੇ ਇਸੇ ਤਹਿਤ ਹੀ ਅਸਾਮ ਦੇ ਸਥਾਨਕ ਸਿੱਖਾਂ ਤੱਕ ਵੀ ਪਹੁੰਚ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਅਸਾਮ 'ਚ ਛਾਪਰਮੁਖ ਇਕ ਅਜਿਹਾ ਪਿੰਡ ਹੈ ਜਿਥੇ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਸਿੱਖ ਵੱਸੇ ਹੋਏ ਹਨ।

ਮੁੱਖ ਸਕੱਤਰ ਨੇ ਜਾਣਕਾਰੀ ਦਿੱਤੀ ਕਿ ਇਹ ਨਗਰ ਗੁਹਾਟੀ ਤੋਂ 120 ਕਿਲੋਮੀਟਰ ਦੂਰ ਸਥਿਤ ਹੈ ਤੇ ਇਥੇ 1820 ਈ: ਵਿਚ ਉਸ ਵੇਲੇ ਦੇ ਰਾਜੇ ਚੰਦਰਕਾਤਾਂ ਦੀ ਮੱਦਦ ਲਈ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਪੰਜ ਸੌ ਦੇ ਕਰੀਬ ਸਿੱਖ ਸੈਨਿਕ ਭੇਜੇ ਸਨ। ਇਨ੍ਹਾਂ ਵਿੱਚੋਂ ਬਹੁਤੇ ਲੜਾਈ ਦੌਰਾਨ ਸ਼ਹੀਦ ਹੋ ਗਏ ਅਤੇ ਜੋ ਬਚੇ ਤੇ ਜ਼ਖ਼ਮੀ ਹੋਏ ਸਨ ਉਹ ਪੱਕੇ ਤੌਰ 'ਤੇ ਇਥੋਂ ਦੇ ਵਸਨੀਕ ਬਣ ਗਏ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਿੱਖਾਂ ਨੇ ਅਜੇ ਤੱਕ ਸਿੱਖ ਵਿਰਾਸਤ ਤੇ ਸਰੂਪ ਨੂੰ ਮਜ਼ਬੂਤੀ ਨਾਲ ਸੰਭਾਲਿਆ ਹੋਇਆ ਹੈ ਅਤੇ ਖ਼ਾਸ ਗੱਲ ਇਹ ਹੈ ਕਿ ਇਹ ਅੱਜ ਵੀ ਅਨੰਦ ਕਾਰਜ ਤੋਂ ਪਹਿਲਾਂ ਲੜਕੇ ਲੜਕੀ ਨੂੰ ਗੁਰੂ ਦੀਆਂ ਖ਼ੁਸ਼ੀਆਂ ਹਾਸਲ ਕਰਨ ਲਈ ਪੰਥਕ ਪਰਿਵਾਰ ਦਾ ਮੈਂਬਰ ਬਣਾਉਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਥਾਨਕ ਸਿੱਖਾਂ ਦਾ ਖਾਣ-ਪੀਣ, ਪਹਿਰਾਵਾਂ ਅਤੇ ਬੋਲੀ ਅਸਾਮੀ ਹੈ ਪਰ ਇਹ ਸਿੱਖ ਰਵਾਇਤਾਂ ਦੀ ਬਾਖ਼ੂਬੀ ਪਾਲਣਾ ਕਰਦੇ ਹਨ।

ਇਸੇ ਦੌਰਾਨ ਸਥਾਨਕ ਸਿੱਖਾਂ ਨੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਅੱਗੇ ਆਪਣੀਆਂ ਕੁਝ ਸਥਾਨਕ ਲੋੜਾਂ ਦਾ ਜ਼ਿਕਰ ਕੀਤਾ, ਜਿਸ ਦੀ ਪੂਰਤੀ ਲਈ ਡਾ. ਰੂਪ ਸਿੰਘ ਨੇ ਪ੍ਰਧਾਨ ਸਾਹਿਬ ਦੀ ਪ੍ਰਵਾਨਗੀ 'ਤੇ ਵਿਸ਼ਵਾਸ ਦਿਵਾਇਆ। ਡਾ. ਰੂਪ ਸਿੰਘ ਨੇ ਕਿਹਾ ਕਿ ਜਲਦ ਹੀ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਪੰਜਾਬੀ ਅਧਿਆਪਕ ਭੇਜਣ ਲਈ ਪ੍ਰਬੰਧ ਕੀਤਾ ਜਾਵੇਗਾ ਅਤੇ ਇਸ ਦੇ ਨਾਲ ਹੀ ਇਨ੍ਹਾਂ ਸਿੱਖਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਵੀ ਪ੍ਰਬੰਧ ਕੀਤੇ ਜਾਣਗੇ ਤਾਂ ਕਿ ਇਹ ਬਹੁਮੁੱਲੇ ਸਿੱਖ ਇਤਿਹਾਸ, ਵਿਰਾਸਤ ਅਤੇ ਵਿਰਸੇ ਨਾਲ ਜੁੜੇ ਰਹਿਣ।

ਇਸ ਮੌਕੇ ਸਥਾਨਕ ਵਾਸੀਆਂ ਤੋਂ ਇਲਾਵਾ ਅਸਾਮ ਦੇ ਨੌਜੁਆਨ ਸਿੱਖ ਆਗੂ ਭਾਈ ਅਜੀਤ ਸਿੰਘ, ਭਾਈ ਸਿਮਰਨ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਿੰਦਰਪਾਲ ਸਿੰਘ ਗੋਰਾ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਜਥੇ. ਜਸਵਿੰਦਰ ਸਿੰਘ ਦੀਨਪੁਰ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਮੇਜਰ ਸਿੰਘ, ਭਾਈ ਜਗਤਾਰ ਸਿੰਘ ਜੰਮੂ, ਭਾਈ ਹਰਪਿੰਦਰ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਆਦਿ ਹਾਜ਼ਰ ਸਨ।




ਗੁਰਦੁਆਰਾ ਸਾਹਿਬ ਪਾ: ਪਹਿਲੀ ਤੇ ਦਸਵੀਂ ਕਪਾਲ ਮੋਚਨ (ਬਿਲਾਸਪੁਰ) ਵਿਖੇ ਕਰਵਾਏ ਗਏ ਦਸਤਾਰ ਮੁਕਾਬਲੇ ਦੇ ਜੇਤੂ ਬੱਚਿਆਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਦੇਵ ਸਿੰਘ ਕਿਆਮਪੁਰ ਤੇ ਹੋਰ।

ਸਫ਼ਾ 1 ਦਾ ਬਾਕੀ...

### ਅਸਾਮ ਵਿਖੇ ਗੁਰਮਤਿ ਸਮਾਗਮ...

ਸਮਾਗਮ ਦੌਰਾਨ ਉਚੇਚੇ ਤੌਰ 'ਤੇ ਪੁੱਜੇ ਅਸਾਮ ਦੇ ਗਵਰਨਰ ਪ੍ਰੋਫੈਸਰ ਜਗਦੀਸ਼ ਮੁਖੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫ਼ੇ ਨੂੰ ਮਨੁੱਖੀ ਭਾਈਚਾਰੇ ਅਤੇ ਆਪਸੀ ਪ੍ਰੇਮ ਪਿਆਰ ਲਈ ਮੁੱਖ ਸੂਤਰ ਦੱਸਿਆ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਨੇ ਜਾਤੀਵਾਦ ਦੀਆਂ ਵਲਗਣਾਂ ਖ਼ਤਮ ਕਰਨ ਲਈ ਅਵਾਜ਼ ਬੁਲੰਦ ਕਰਦਿਆਂ ਗਰੀਬਾਂ, ਮਜ਼ਲੂਮਾਂ ਤੇ ਲੋੜਵੰਦਾਂ ਦੀ ਤਰਫ਼ਦਾਰੀ ਕੀਤੀ। ਉਨ੍ਹਾਂ ਵਿਸ਼ਵ ਭਾਈਚਾਰੇ ਦੇ ਮੋਢੀ ਗੁਰੂ ਨਾਨਕ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਅਸਾਮ ਦੀਆਂ ਸੰਗਤਾਂ ਵੱਲੋਂ ਸਮਾਗਮ ਲਈ ਸਹਿਯੋਗੀ ਭੂਮਿਕਾ ਦੀ ਪ੍ਰਸ਼ੰਸਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਸਮਾਗਮਾਂ ਦੀ ਲੜੀ ਨਿਰੰਤਰ ਜਾਰੀ ਰੱਖਣ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਫੈਡਰੇਸ਼ਨ ਆਗੂ ਭਾਈ ਪਰਮਜੀਤ ਸਿੰਘ ਖ਼ਾਲਸਾ, ਸ. ਤਰਲੋਚਨ ਸਿੰਘ ਵਜ਼ੀਰ, ਮਹੰਤ ਮਨਜੀਤ ਸਿੰਘ ਜੰਮੂ ਨੇ ਵੀ ਸੰਬੋਧਨ ਕੀਤਾ।

ਸਿੱਖ ਪ੍ਰਤੀਨਿਧੀ ਬੋਰਡ ਵੱਲੋਂ ਸ. ਸਤਨਾਮ ਸਿੰਘ ਖ਼ਾਲਸਾ ਨੇ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ, ਜਦੋਂ ਕਿ ਭਾਈ ਜਗਤਾਰ ਸਿੰਘ ਨੇ ਸਟੇਜ ਦੀ ਸੇਵਾ ਨਿਭਾਈ। ਇਸ ਮੌਕੇ ਗਵਰਨਰ ਪ੍ਰੋਫੈਸਰ ਜਗਦੀਸ਼ ਮੁਖੀ ਨੂੰ ਭਾਈ ਲੌਂਗੋਵਾਲ, ਡਾ. ਰੂਪ ਸਿੰਘ ਤੇ ਹੋਰਨਾਂ ਨੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਭਾਈ ਲੌਂਗੋਵਾਲ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਅਸਾਮ ਦੇ ਸਿੱਖ ਆਗੂਆਂ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਤੋਂ ਪਹਿਲਾਂ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਪ੍ਰਚਾਰਕਾਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਦਰਸ਼ਨ ਸਿੰਘ ਪੀ.ਏ., ਸ. ਜਸਵਿੰਦਰ ਸਿੰਘ ਦੀਪ, ਸ. ਵਰਿੰਦਰ ਸਿੰਘ ਠਰੂ, ਭਾਈ ਅਜੀਤ ਸਿੰਘ ਖ਼ਾਲਸਾ, ਸ. ਫ਼ਤਹਿ ਸਿੰਘ, ਭਾਈ ਮੇਜਰ ਸਿੰਘ ਆਦਿ ਮੌਜੂਦ ਸਨ।

### ਪ੍ਰਮੁੱਖ ਸਮਾਗਮਾਂ...

ਨਿਰਮਲ ਸਿੰਘ ਪ੍ਰਧਾਨ ਚੀਫ ਖਾਲਸਾ ਦੀਵਾਨ, ਡਾ. ਜਸਵਿੰਦਰ ਸਿੰਘ ਉਪਕੁਲਪਤੀ ਗੁਰੂ ਕਾਸ਼ੀ ਯੂਨੀਵਰਸਿਟੀ, ਬਾਬਾ ਤੇਜਾ ਸਿੰਘ ਨਿਰਮਲਾ ਖੁੱਡਾ ਕੁਰਾਲਾ, ਭਾਈ ਰਣਧੀਰ ਸਿੰਘ ਰਾੜਾ ਸਾਹਿਬ, ਮਹੰਤ ਕਰਮਜੀਤ ਸਿੰਘ ਯਮੁਨਾਨਗਰ, ਸ. ਸਤਵੰਤ ਸਿੰਘ ਧਾਮਪੁਰ, ਬਾਬਾ ਗੁਰਦਿਆਲ ਸਿੰਘ ਟਾਂਡਾ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਤਾਬਦੀ ਸਬੰਧੀ ਆਪਣੇ ਸੁਝਾਅ ਪੇਸ਼ ਕੀਤੇ।

ਸਟੇਜ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਨਿਭਾਈ। ਇਸ ਮੌਕੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਤਿਆਰ ਕੀਤੀ ਵਿਸ਼ੇਸ਼ ਡਾਇਰੀ ਸੰਗਤ ਅਰਪਣ ਕੀਤੀ ਗਈ।

ਇਕੱਤਰਤਾ ਦੌਰਾਨ ਹੋਰਨਾਂ ਤੋਂ ਇਲਾਵਾ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀਵਾਲੇ, ਬਾਬਾ ਅਵਤਾਰ ਸਿੰਘ ਸੁਰਸਿੰਘ ਬਿਧੀਚੰਦ ਸੰਪਰਦਾ, ਬਾਬਾ ਅਮਰੀਕ ਸਿੰਘ ਪਟਿਆਲਾ, ਬਾਬਾ ਸੁਬੇਗ ਸਿੰਘ, ਬਾਬਾ ਬਚਨ ਸਿੰਘ ਦਿੱਲੀ ਵਾਲੇ, ਬਾਬਾ ਸੁਰਜਨ ਸਿੰਘ ਧੇਵਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ਼ ਸਿੰਘ ਪੰਨੂ, ਸ. ਅਵਤਾਰ ਸਿੰਘ ਵਣਵਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਸ਼ਿੰਗਾਰਾ ਸਿੰਘ ਲੋਹੀਆ, ਸ. ਜਸਬੀਰ ਕੌਰ ਜੱਫਰਵਾਲ, ਸ. ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਹਰਜਿੰਦਰ ਸਿੰਘ ਪਵਾਤ, ਸ. ਸਰਵਨ ਸਿੰਘ ਕੁਲਾਰ, ਸ. ਗੁਰਮੀਤ ਸਿੰਘ ਬੂਹ, ਸ. ਦਲਜੀਤ ਸਿੰਘ ਭਿੰਡਰ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਦਰਸ਼ਨ ਸਿੰਘ ਸ਼ੇਰ ਖਾਂ, ਬੀਬੀ ਦਵਿੰਦਰ ਕੌਰ ਕਾਲਰਾ, ਸ. ਬਲਦੇਵ ਸਿੰਘ ਕਲਿਆਣਾ, ਸ. ਰਤਨ ਸਿੰਘ ਜੱਫਰਵਾਲ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਅਮੀਰ ਸਿੰਘ ਜਵੱਦੀ ਟਕਸਾਲ, ਬਾਬਾ ਮਹਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ ਅਗਵਾਨ, ਬਾਬਾ ਨਛੱਤਰ ਸਿੰਘ ਕੰਬਲੀਵਾਲੇ, ਬਾਬਾ ਜੀਤ ਸਿੰਘ ਨਿਰਮਲ ਕੁਟੀਆ ਜੋਹਲਾ, ਬਾਬਾ ਮਿਲਖਾ ਸਿੰਘ, ਬਾਬਾ ਸੁਖਦੇਵ ਸਿੰਘ ਵੱਲੋਂ ਬਾਬਾ ਨਾਨਕ ਸਿੰਘ, ਬਾਬਾ ਅਮਰੀਕ ਸਿੰਘ ਅਨੰਦਪੁਰ ਸਾਹਿਬ, ਬਾਬਾ ਦਿਲਬਾਗ ਸਿੰਘ, ਪ੍ਰੋਫੈਸਰ ਵਰਿਆਮ ਸਿੰਘ, ਸ. ਰਜਿੰਦਰ ਸਿੰਘ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਬਾਬਾ ਹਰਵਿੰਦਰ ਸਿੰਘ ਧਮਧਾਨ ਸਾਹਿਬ, ਬਾਬਾ ਮੋਹਨ ਸਿੰਘ ਬਹਾਦਰਗੜ੍ਹ, ਬਾਬਾ ਗੁਰਨਾਮ ਸਿੰਘ ਫਗਵਾੜਾ, ਸ. ਹਰਚਰਨ ਸਿੰਘ ਮਸਤੂਆਣਾ, ਮਾਸਟਰ ਅਜਮੇਰ ਸਿੰਘ ਨਾਭਾ, ਬਾਬਾ ਗੁਰਨਾਮ ਸਿੰਘ ਸਫਰੋਟ, ਬਾਬਾ ਹਰਭਜਨ ਸਿੰਘ ਜੰਡ ਸਾਹਿਬ, ਹਜ਼ੂਰ ਸਾਹਿਬ ਸੰਪਰਦਾ ਵੱਲੋਂ ਬਾਬਾ ਮੇਜਰ ਸਿੰਘ, ਸ. ਸਤਨਾਮ ਸਿੰਘ ਦਮਦਮੀ ਆਲ ਇੰਡੀਆ ਭਗਤ ਨਾਮਦੇਵ, ਬਾਬਾ ਸੁਖਵਿੰਦਰ ਸਿੰਘ ਆਲੋਵਾਲ, ਸ. ਸੁਖਬੀਰ ਸਿੰਘ ਵਾਹਲਾ, ਬਾਬਾ ਘੋਲਾ ਸਿੰਘ ਸਰਹਾਲੀ ਸਾਹਿਬ, ਬਾਬਾ ਮਹਿੰਦਰ ਸਿੰਘ, ਬਾਬਾ ਗੁਰਦਿਆਲ ਸਿੰਘ ਸੁਲਤਾਨਪੁਰ ਲੋਧੀ, ਬਾਬਾ ਨਾਗਰ ਸਿੰਘ ਹਰੀਆ ਵੇਲਾਂ, ਬਾਬਾ ਗੁਰਮੀਤ ਸਿੰਘ ਆਲੋਵਾਲ, ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ, ਬਾਬਾ ਸੁਬੇਗ ਸਿੰਘ ਰਾਜਸਥਾਨ, ਬਾਬਾ ਗੱਜਣ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਸਤਨਾਮ ਸਿੰਘ, ਸ. ਬਲਬੀਰ ਸਿੰਘ ਪ੍ਰਧਾਨ ਨਾਨਕ ਝੀਰਾ ਬਿਦਰ, ਬਾਬਾ ਸੁਰਜਨ ਸਿੰਘ ਪਿਹੇਵਾ, ਸ. ਹਰਭਜਨ ਸਿੰਘ ਮੀਤ ਪ੍ਰਧਾਨ ਪਾਉਂਟਾ ਸਾਹਿਬ, ਬਾਬਾ ਪ੍ਰੀਤਮ ਸਿੰਘ ਮੱਲੜੀ ਹਰਿਆਣਾ, ਬਾਬਾ ਜੋਗਾ ਸਿੰਘ ਨਾਨਕਸਰ, ਮਹੰਤ ਮੋਹਨ ਸਿੰਘ ਗੋਨੇਆਣਾ, ਬਾਬਾ ਗੁਰਚਰਨ ਸਿੰਘ ਠੱਠਾ, ਬਾਬਾ ਬਲਬੀਰ ਸਿੰਘ ਮੋਹਾਲੀ, ਬਾਬਾ ਰੋਸ਼ਨ ਸਿੰਘ ਰਾੜਾ ਸਾਹਿਬ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਬਾਬਾ ਹਰਚਰਨ ਸਿੰਘ ਮਸਤੂਆਣਾ, ਬਾਬਾ ਸਤਨਾਮ ਸਿੰਘ, ਬਾਬਾ ਅਮਰੀਕ ਸਿੰਘ ਤਰਨ ਤਾਰਨ, ਬਾਬਾ ਗਿਆਨ ਸਿੰਘ ਮਨਿਹਾਲਾ, ਸ. ਸਤਵੰਤ ਸਿੰਘ ਧਾਮਪੁਰ, ਬਾਬਾ ਅਰਜਨ ਸਿੰਘ ਪਟਿਆਲਾ, ਬਾਬਾ ਨੰਦ ਸਿੰਘ ਮੁੰਡਾਪਿੰਡ, ਬਾਬਾ ਦਇਆ ਸਿੰਘ, ਸ. ਹਰਜੀਤ ਸਿੰਘ ਭਾਟੀਆ ਸਿੰਘ ਸਭਾ, ਭਾਈ ਸੁਰਿੰਦਰ ਸਿੰਘ ਮਿੱਠਾ ਟਿਵਾਣਾ, ਜਥੇਦਾਰ ਦਲਬਾਰ ਸਿੰਘ ਰਾਜਸਥਾਨ, ਬਾਬਾ ਸੁਰਜੀਤ ਸਿੰਘ ਭੁਸੇ, ਬਾਬਾ ਸਤਨਾਮ ਸਿੰਘ ਰੋਪੜ, ਬਾਬਾ ਅਵਤਾਰ ਸਿੰਘ ਬਾਬਾ ਬਕਾਲਾ, ਬਾਬਾ ਮੱਖਣ ਸਿੰਘ, ਬਾਬਾ ਗੱਜਣ ਸਿੰਘ, ਬਾਬਾ ਜੋਗਾ ਸਿੰਘ ਦਰਾਜਕੇ, ਬਾਬਾ ਪਾਲ ਸਿੰਘ ਨਿਰਮਲੇ, ਭਾਈ ਸੁਖਚੈਨ ਸਿੰਘ ਹਨੂਮਾਨਗੜ੍ਹ, ਬਾਬਾ ਜਸਮੀਤ ਸਿੰਘ, ਬਾਬਾ ਬਖ਼ਸ਼ੀਸ ਸਿੰਘ ਮਖੂ, ਭਾਈ ਜਗਦੀਸ਼ ਸਿੰਘ ਪਰਮਾਰ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਸੁਖਦੇਵ ਸਿੰਘ ਭੂਰਾਕੋਹਨਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਮੈਨੇਜਰ ਸ. ਸਤਨਾਮ ਸਿੰਘ ਰਿਆੜ, ਹੈਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ ਆਦਿ ਮੌਜੂਦ ਸਨ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਅਮਰੀਕਾ ਦੇ ਲਾਸ ਏਂਜਲਸ 'ਚ ਖ਼ਾਲਸਾ ਸਾਜਣਾ ਦਿਵਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕੀਤੀ ਸ਼ਮੂਲੀਅਤ



ਅੰਮ੍ਰਿਤਸਰ 15 ਅਪ੍ਰੈਲ- ਅਮਰੀਕਾ ਦੇ ਦੂਸਰੇ ਸਭ ਤੋਂ ਵੱਡੇ ਸ਼ਹਿਰ ਲਾਸ ਏਂਜਲਸ ਵਿਖੇ ਖ਼ਾਲਸਾ ਸਾਜਣਾ ਦਿਵਸ ਖ਼ਾਲਸਈ ਜਾਹੋ ਜਲਾਲ ਨਾਲ ਮਨਾਇਆ ਗਿਆ। ਲਾਸ ਏਂਜਲਸ ਦੱਖਣੀ ਕੈਲੀਫੋਰਨੀਆ ਦਾ ਸੰਸਾਰ ਪ੍ਰਸਿੱਧ ਸ਼ਹਿਰ ਹੈ, ਜਿਥੇ ਹਰ ਸਾਲ ਖ਼ਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਭਰਵੀਂ ਸੰਗਤ ਜੁੜਦੀ ਹੈ। ਇਸ ਵਾਰ ਦੇ ਸਮਾਗਮ ਅਤੇ ਨਗਰ ਕੀਰਤਨ ਸਮੇਂ ਲੱਗਭਗ 30 ਹਜ਼ਾਰ ਸੰਗਤ ਨੇ ਸ਼ਮੂਲੀਅਤ ਕੀਤੀ। ਸਿੰਘ ਸਾਹਿਬ ਗਿਆਨੀ ਹਰਭਜਨ ਸਿੰਘ ਜੋਗੀ ਵੱਲੋਂ ਸਥਾਪਿਤ ਸਿੱਖ ਧਰਮਾ ਇੰਟਰਨੈਸ਼ਨਲ ਦੇ ਮੁਖੀ ਡਾਕਟਰ ਬੀਬੀ ਇੰਦਰਜੀਤ ਕੌਰ ਦੀ ਪ੍ਰੇਰਣਾ ਨਾਲ ਲਾਸ ਏਂਜਲਸ ਦੀਆਂ 22 ਗੁਰਦੁਆਰਾ ਕਮੇਟੀਆਂ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤੇ ਗਏ ਇਸ ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਸੰਗਤ ਨਾਲ ਖ਼ਾਲਸੇ ਦੇ ਇਤਿਹਾਸਕ ਤੇ ਵਿਚਾਰਧਾਰਕ ਪੱਖ ਬਾਰੇ ਵਿਚਾਰ ਸਾਂਝੇ ਕਰਦਿਆਂ ਖ਼ਾਲਸੇ ਦੇ ਸਿਰਜਣਾ ਦਿਵਸ ਦੀ ਵਧਾਈ ਦਿੱਤੀ। ਸਮਾਗਮ ਦੌਰਾਨ ਭਾਈ ਸਦਾਸਤਸਿਮਰਨ ਸਿੰਘ ਚੜਦੀ ਕਲਾ ਜਥਾ, ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਸਾਬਕਾ ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ, ਭਾਈ ਕੀਰਤਨ ਸਿੰਘ ਅਤੇ ਸਥਾਨਕ ਸ਼ਹਿਰ ਦੇ 22 ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਉਚੇਚੇ ਤੌਰ 'ਤੇ ਪੁੱਜੇ ਕਾਂਗਰਸ ਮੈਨ (ਪਾਰਲੀਮੈਂਟ ਮੈਂਬਰ) ਮਿਸਟਰ ਸ਼ਰਮਨ ਨੇ ਕੈਪੀਟਲ ਹਿਲ ਵਾਸ਼ਿੰਗਟਨ ਵਿਖੇ 26 ਜਨਵਰੀ ਨੂੰ ਝੁਲਾਇਆ ਗਿਆ ਝੰਡਾ ਸਤਿਕਾਰ ਵਜੋਂ ਡਾ. ਰੂਪ ਸਿੰਘ ਨੂੰ ਪ੍ਰਮਾਣ ਪੱਤਰ ਸਮੇਤ ਭੇਟ ਕੀਤਾ। ਇਹ ਝੰਡਾ ਕੁਝ ਖ਼ਾਸ ਮੌਕਿਆਂ 'ਤੇ ਖ਼ਾਸ ਵਿਅਕਤੀਆਂ ਨੂੰ ਦੇਣ ਦੀ ਰਵਾਇਤ ਹੈ। ਇਸੇ ਦੌਰਾਨ ਹੀ ਡਾ. ਰੂਪ ਸਿੰਘ ਨੇ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਆਪਣੀ ਕਿਤਾਬ ਮਿਸਟਰ ਸ਼ਰਮਨ ਨੂੰ ਭੇਟ ਕੀਤੀ।

ਅਮਰੀਕਾ ਤੋਂ ਜਾਣਕਾਰੀ ਸਾਂਝੀ ਕਰਦਿਆਂ ਡਾ. ਰੂਪ ਸਿੰਘ ਨੇ ਦੱਸਿਆ ਕਿ ਖ਼ਾਲਸਾ ਸਾਜਣਾ ਦਿਵਸ ਮੌਕੇ ਹਰ ਸਾਲ ਅਮਰੀਕਾ ਦੇ ਵਿਸ਼ਾਲ ਸ਼ਹਿਰ ਲਾਸ ਏਂਜਲਸ ਵਿਖੇ ਸੰਗਤ ਵੱਲੋਂ ਸਮੂਹਿਕ ਰੂਪ ਵਿਚ ਸਮਾਗਮ ਕਰਵਾ ਕੇ ਕੌਮੀ ਏਕਤਾ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਹ ਉਨ੍ਹਾਂ ਦੀ ਖੁਸ਼ਕਿਸਮਤੀ ਹੈ ਕਿ ਇਸ ਸਮਾਗਮ ਦੌਰਾਨ ਉਨ੍ਹਾਂ ਨੂੰ ਸੰਗਤੀ ਅਰਦਾਸ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਵਾਰੀ ਦੀ ਸੇਵਾ ਕਰਨ ਦਾ ਸੁਭਾਗ ਹਾਸਿਲ ਹੋਇਆ ਹੈ। ਡਾ. ਰੂਪ ਸਿੰਘ ਅਨੁਸਾਰ ਸਥਾਨਕ ਗੁਰਦੁਆਰਾ ਕਮੇਟੀਆਂ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਨਵੰਬਰ ਮਹੀਨੇ ਵਿਚ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਲਈ ਵੀ ਗੱਲਬਾਤ ਕੀਤੀ ਗਈ ਹੈ, ਜਿਸ 'ਤੇ ਉਨ੍ਹਾਂ ਨੇ ਵੱਡੀ ਗਿਣਤੀ ਵਿਚ ਸੰਗਤ ਲੈ ਕੇ ਪੁੱਜਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਅਰ ਹੈਰੀ ਸਿੱਧੂ, ਸ. ਰੌਣਕ ਸਿੰਘ, ਭਾਈ ਹਰਭਜਨ ਸਿੰਘ ਜੋਗੀ ਦੇ ਸਪੁੱਤਰ ਭਾਈ ਕੁਲਬੀਰ ਸਿੰਘ, ਡਾ. ਅੰਮ੍ਰਿਤ ਸਿੰਘ ਸੇਖੋਂ, ਸ. ਕੀਰਤਨ ਸਿੰਘ ਮੁੱਖ ਪ੍ਰਬੰਧਕ ਆਦਿ ਮੌਜੂਦ ਸਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਬੇਕਰਜ਼ਫੀਲਡ ਇਲਾਕੇ ਵਿਚ ਸਥਿਤ ਗੁਰਦੁਆਰਾ ਸਾਹਿਬ ਵੱਲੋਂ ਕਰਵਾਏ ਗਏ ਸਮਾਗਮ ਵਿਚ ਵੀ ਹਾਜ਼ਰੀ ਭਰੀ, ਜਿੱਥੇ ਉਨ੍ਹਾਂ ਨੂੰ ਸ. ਨਾਜਰ ਸਿੰਘ ਕੂੰਨਰ ਨੇ ਸਨਮਾਨਿਤ ਕੀਤਾ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਜ਼ਾਰੀ ਬਾਗ ਝਾਰਖੰਡ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹਜ਼ਾਰੀ ਬਾਗ (ਝਾਰਖੰਡ) ਵਿਖੇ ਦੋ ਰੋਜ਼ਾ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੱਖ ਵੱਖ ਸੂਬਿਆਂ ਅੰਦਰ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਵੰਬਰ 2019 ਵਿਚ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਗੁਰਮਤਿ ਰਹਿਣੀ ਅਨੁਸਾਰ ਜੀਵਨ ਜੀਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਪੰਜਾਬ ਤੋਂ ਬਾਹਰਲੇ ਸੂਬਿਆਂ ਅੰਦਰ 550ਵੇਂ ਪ੍ਰਕਾਸ਼ ਪੁਰਬ ਸਬੰਧੀ ਉਤਸ਼ਾਹ ਨਾਲ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਲਈ ਸੰਗਤ ਨੂੰ ਵਧਾਈ ਵੀ ਦਿੱਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਵੀ ਸੰਗਤ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਉਪਦੇਸ਼ਾਂ ਸਬੰਧੀ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ ਅਤੇ ਭਾਈ ਹਰਪਿੰਦਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਸਰਵਣ ਕਰਵਾਇਆ, ਜਦਕਿ ਭਾਈ ਗੁਰਭੇਜ ਸਿੰਘ ਚਵਿੰਡਾ ਦੇ ਢਾਡੀ ਜਥੇ ਨੇ ਸੰਗਤ ਨਾਲ ਢਾਡੀ ਵਾਰਾਂ ਰਾਹੀਂ ਸਾਂਝ ਪਾਈ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਦੌਰਾਨ 15 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਸਮਾਗਮ ਦੌਰਾਨ ਸੈਂਟਰਲ ਗੁਰਦੁਆਰਾ ਪ੍ਰਬੰਧਕ ਕਮੇਟੀ ਟਾਟਾਨਗਰ ਦੇ ਪ੍ਰਧਾਨ ਭਾਈ ਗੁਰਮੁੱਖ ਸਿੰਘ ਨੇ ਸਿੰਘ ਸਾਹਿਬ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਹੋਰਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸ. ਅਵਤਾਰ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਹਜ਼ਾਰੀ ਬਾਗ, ਸ. ਗੁਰਮੁੱਖ ਸਿੰਘ, ਸ. ਚਰਨਜੀਤ ਸਿੰਘ, ਹਜ਼ਾਰੀ ਬਾਗ ਤੋਂ ਇਲਾਵਾ ਹੋਰਨਾਂ ਸ਼ਹਿਰਾਂ ਤੋਂ ਵੱਡੀ ਗਿਣਤੀ ਵਿਚ ਸੰਗਤ ਨੇ ਹਜ਼ਾਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਕੇਂਦਰੀ ਸਿੱਖ ਅਜਾਇਬਘਰ 'ਚ ਪੰਥ ਦੀਆਂ ਦੋ ਪ੍ਰਮੁੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸਥਾਪਿਤ



ਅੰਮ੍ਰਿਤਸਰ, 22 ਅਪ੍ਰੈਲ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਕੇਂਦਰੀ ਸਿੱਖ ਅਜਾਇਬ ਘਰ 'ਚ ਸਿੱਖ ਕੌਮ ਦੀਆਂ ਦੋ ਪ੍ਰਮੁੱਖ ਸ਼ਖ਼ਸੀਅਤਾਂ ਸੰਤ ਗਿਆਨੀ ਵਰਿਆਮ ਸਿੰਘ ਧੂਰਕੋਟ ਅਤੇ ਪੰਥ ਪ੍ਰਸਿੱਧ ਕਵੀਸ਼ਰ ਗਿਆਨੀ ਜੋਗਾ ਸਿੰਘ ਜੋਗੀ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਇਨ੍ਹਾਂ ਦੋਹਾਂ ਸ਼ਖ਼ਸੀਅਤਾਂ ਨੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿਚ ਅਹਿਮ ਯੋਗਦਾਨ ਪਾਇਆ ਹੈ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਗਿਆਨੀ ਗੁਰਮਿੰਦਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਿਭਾਈ, ਜਦਕਿ ਇਸ ਤੋਂ ਪਹਿਲਾਂ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਸੁਲਤਾਨ ਸਿੰਘ ਅਰਦਾਸ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਸੰਤ ਗਿਆਨੀ ਵਰਿਆਮ ਸਿੰਘ ਧੂਰਕੋਟ ਤੇ ਗਿਆਨੀ ਜੋਗਾ ਸਿੰਘ ਜੋਗੀ ਦੀ ਪੰਥਕ ਦੇਣ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਦੱਸਿਆ। ਉਨ੍ਹਾਂ ਆਖਿਆ ਕਿ ਜਿਥੇ ਸੰਤ ਗਿਆਨੀ ਵਰਿਆਮ ਸਿੰਘ ਧੂਰਕੋਟ ਨੇ 55 ਸਾਲ ਗੁਰਮਤਿ ਵਿਦਿਆਲੇ ਵਿਚ ਸੇਵਾ ਨਿਭਾਉਂਦਿਆਂ ਸੈਂਕੜੇ ਨੌਜੁਆਨਾਂ ਨੂੰ ਸਿੱਖੀ ਪ੍ਰਚਾਰ ਪ੍ਰਸਾਰ ਲਈ ਤਿਆਰ ਕੀਤਾ, ਉਥੇ ਹੀ ਕਵੀਸ਼ਰੀ ਰਾਹੀਂ ਵੱਡਮੁੱਲੀ ਸੇਵਾ ਨਿਭਾਉਣ ਵਾਲੇ ਗਿਆਨੀ ਜੋਗਾ ਸਿੰਘ ਜੋਗੀ ਨੇ 20 ਦੇ ਕਰੀਬ ਕਿਤਾਬਾਂ ਅਤੇ ਸੈਂਕੜੇ ਰਿਕਾਰਡਾਂ ਰਾਹੀਂ ਕਵੀਸ਼ਰੀ ਕਲਾ ਨੂੰ ਅੱਗੇ ਵਧਾਇਆ। ਅਜਿਹੀਆਂ ਸ਼ਖ਼ਸੀਅਤਾਂ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਚਿੱਤਰ ਸੁਸ਼ੋਭਿਤ ਹੋਣ ਨਾਲ ਕੌਮ ਦੀਆਂ ਅਗਲੀਆਂ ਪੀੜ੍ਹੀਆਂ ਸਿੱਖੀ ਪ੍ਰਚਾਰ ਲਈ ਉਤਸ਼ਾਹਤ ਹੋਣਗੀਆਂ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਤੇ ਗਿਆਨੀ ਗੁਰਮਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਦੋਹਾਂ ਸ਼ਖ਼ਸੀਅਤਾਂ ਦੇ ਪਰਿਵਾਰਕ ਮੈਂਬਰਾਂ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਭਾਈ ਲੌਂਗੋਵਾਲ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਵਿਛੋਆ, ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਬਲਦੇਵ ਸਿੰਘ ਚੂੰਘਾ, ਸ. ਲਖਬੀਰ ਸਿੰਘ ਅਰਾਈਆਂ ਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਸੁਰਜੀਤ ਸਿੰਘ ਭਿੱਟੇਵੱਡ, ਬਾਬਾ ਲਾਲ ਸਿੰਘ ਧੂਰਕੋਟ, ਬਾਬਾ ਆਤਮਾ ਸਿੰਘ, ਕਵੀਸ਼ਰ ਗਿਆਨੀ ਗੁਰਮੁੱਖ ਸਿੰਘ ਐਮ.ਏ., ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜਿੰਦਰ ਸਿੰਘ ਕੈਰੋਂਵਾਲ ਤੇ ਸ. ਕਰਮਬੀਰ ਸਿੰਘ ਕਿਆਮਪੁਰ, ਸ. ਇਕਬਾਲ ਸਿੰਘ ਮੁਖੀ, ਸ. ਗੁਰਪ੍ਰੀਤ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਬਾਬਾ ਨਾਹਰ ਸਿੰਘ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਭਾਈ ਲਖਬੀਰ ਸਿੰਘ ਮਸਤ ਸਮੇਤ ਹੋਰ ਮੌਜੂਦ ਸਨ।



ਗੁਰਦੁਆਰਾ ਸਾਹਿਬ ਪਾ: ਛੇਵੀਂ ਤੇ ਨੌਵੀਂ ਕਰਹਾਲੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 144 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਮੌਕੇ ਪੰਜ ਪਿਆਰਿਆਂ ਤੇ ਅੰਮ੍ਰਿਤ ਅਭਿਲਾਖੀਆਂ ਨਾਲ ਅੰਤ੍ਰਿੰਗ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ ਤੇ ਹੋਰ।

# ਕੋਠੇ ਲਾਲ ਸਿੰਘ ਵਾਲਾ ਵਿਖੇ ਗੁਰਮਤਿ ਕੈਂਪ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਮਹਿਮਾ ਸਰਜਾ- ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਲਵਾ ਜੋਨ ਦੇ ਪਿੰਡ ਕੋਠੇ ਲਾਲ ਸਿੰਘ ਵਿਖੇ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਭਾਈ ਅਮਰੀਕ ਸਿੰਘ ਕੋਟਸ਼ਮੀਰ ਦੇ ਉਪਰਾਲੇ ਨਾਲ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸ਼ੰਚਾਰ ਦੀ ਸੇਵਾ ਨਿਭਾਈ।ਇਸ ਮੌਕੇ 30 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਅੰਤ੍ਰਿੰਗ ਮੈਂਬਰ ਭਾਈ ਅਮਰੀਕ ਸਿੰਘ ਕੋਟ ਸ਼ਮੀਰ ਨੇ ਕਿਹਾ ਕਿ ਹੁਣ ਤੱਕ ਹਲਕੇ ਦੇ 44 ਪਿੰਡਾਂ ਵਿਚ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਜਾ ਚੁਕੇ ਹਨ ਜੋ ਅੱਗੋਂ ਵੀ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਸਿੱਖ ਦੇ ਘਰ ਜਨਮ ਲੈਣ ਵਾਲੇ ਹਰ ਮੈਂਬਰ ਨੂੰ ਗੁਰੂ ਸਾਹਿਬ ਵੱਲੋਂ ਬਖਸ਼ੀ ਖੰਡੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਨਣਾ ਚਾਹੀਦਾ ਹੈ। ਇਸ ਮੌਕੇ ਗੁਰਮਤਿ ਕੈਂਪ ਵਿਚ 50 ਬੱਚਿਆਂ ਨੇ ਭਾਗ ਲਿਆ।
ਇਸ ਮੌਕੇ ਭਾਈ ਜਗਤਾਰ ਸਿੰਘ ਹੈੱਡ ਗ੍ਰੰਥੀ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਗੁਰਦੇਵ ਸਿੰਘ, ਭਾਈ ਹਰਮੀਤ ਸਿੰਘ, ਭਾਈ ਦਰਬਾਰਾ ਸਿੰਘ, ਭਾਈ ਸੁਖਮੰਦਰ ਸਿੰਘ ਨੰਬਰਦਾਰ, ਸ. ਸਵਰਾਜ ਸਿੰਘ, ਸ. ਜਸਵਿੰਦਰ ਸਿੰਘ, ਭਾਈ ਗੁਰਮੀਤ ਸਿੰਘ, ਸ. ਸੇਵਾ ਸਿੰਘ, ਸ. ਲਛਮਣ ਸਿੰਘ, ਸ. ਮਹਿੰਦਰ ਸਿੰਘ, ਭਾਈ ਗੁਰਦਾਸ ਸਿੰਘ ਗੋਸਲ ਢਾਡੀ ਜਥਾ, ਸ. ਜੱਗਾ ਸਿੰਘ ਸਮੇਤ ਸੰਗਤਾਂ ਹਾਜਰ ਸਨ।



ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 141 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਗੁਰਦੁਆਰਾ ਬਾਰਠ ਸਾਹਿਬ ਸਰਨਾ (ਪਠਾਨਕੋਟ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 165 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਝਾੜ ਸਾਹਿਬ ਪਿੰਡ ਕੈਰੋਂ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 250 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।

## ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 'ਚ ਲਏ ਅਹਿਮ ਫੈਸਲੇ

# ਵਿਦਿਅਕ ਅਦਾਰਿਆਂ ਨੂੰ ਪੁਸਤਕਾਂ 'ਤੇ ਮਿਲੇਗੀ 50 ਫੀਸਦੀ ਛੋਟ -ਭਾਈ ਲੌਂਗੋਵਾਲ



ਸੰਗਰੂਰ, 18 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ। ਇਕੱਤਰਤਾ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੀਆਂ ਚੋਣਵੀਆਂ ਪੁਸਤਕਾਂ ਨੂੰ ਵੱਖ-ਵੱਖ ਭਾਰਤੀ ਭਸ਼ਾਵਾਂ ਵਿਚ ਛਾਪਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਸਾਮ 'ਚ ਸਿੱਖਾਂ ਦੇ ਪਿੰਡ ਛਾਪਰਮੁਖ 'ਚ ਸਥਿਤ ਗੁਰਦੁਆਰਾ ਸਾਹਿਬ ਲਈ 10 ਲੱਖ ਰੁਪਏ ਦੀ ਸਹਾਇਤਾ ਦੇਣ ਅਤੇ ਪਾਕਿਸਤਾਨ 'ਚ ਸਥਿਤ ਭਾਈ ਜੋਗਾ ਸਿੰਘ ਖ਼ਾਲਸਾ ਧਾਰਮਿਕ ਸਕੂਲ 'ਚ ਬੱਚਿਆਂ ਨੂੰ ਕੀਰਤਨ ਸਿਖਲਾਈ ਦੇਣ ਲਈ ਹਰਮੋਨੀਅਮ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ 'ਚ ਲਏ ਗਏ ਫੈਸਲਿਆਂ ਸਬੰਧੀ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਚੋਣਵੀਆਂ ਪੁਸਤਕਾਂ ਨੂੰ ਵੱਖ-ਵੱਖ ਭਾਰਤੀ ਭਸ਼ਾਵਾਂ ਵਿਚ ਅਨੁਵਾਦ ਕਰ ਕੇ ਸੰਗਤ ਤੀਕ ਪਹੁੰਚਾਇਆ ਜਾਵੇਗਾ। ਇਸ ਤੋਂ ਇਲਾਵਾ ਦਿੱਲੀ ਦੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਛਾਪਿਆ ਧਾਰਮਿਕ ਸਾਹਿਤ ਮੁਹੱਈਆ ਕਰਵਾਉਣ ਲਈ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਲਿਟਰੇਚਰ ਹਾਊਸ ਸਥਾਪਤ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਗੁਰੂ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਕਮੇਟੀ ਦੀਆਂ ਸਾਰੀਆਂ ਪੁਸਤਕਾਂ ਵਿਦਿਅਕ ਅਦਾਰਿਆਂ ਨੂੰ 50 ਫ਼ੀਸਦੀ ਛੋਟ 'ਤੇ ਦੇਣ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਚੱਲ ਰਹੇ ਵਰਲਡ ਪੰਜਾਬੀ ਸੈਂਟਰ ਨੂੰ ਸ਼੍ਰੋਮਣੀ ਕਮੇਟੀ ਦੀਆਂ ਪੁਸਤਕਾਂ ਦੀ ਇੱਕ-ਇੱਕ ਕਾਪੀ ਭੇਟਾ ਰਹਿਤ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿਕਲੀਗਰ ਸਿੱਖਾਂ ਦੇ ਗੁਰਦੁਆਰਾ ਸਾਹਿਬ ਗੁਰੂ ਨਾਨਕ ਦਰਬਾਰ ਮੋਰ ਗਾਉਂ (ਮਹਾਰਾਸ਼ਟਰ) ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗ੍ਰੰਥੀ ਦੀਆਂ ਸੇਵਾਵਾਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਗੁਰੂ ਨਾਨਕ ਦਰਬਾਰ ਪਿਪਲਾਨੀ ਭੋਪਾਲ (ਮੱਧਪ੍ਰਦੇਸ਼) 'ਚ ਬੱਚਿਆਂ ਨੂੰ ਗਤਕਾ ਸਿਖਲਾਈ ਲਈ 'ਗਤਕਾ ਕਿੱਟਾਂ' ਦੇਣ ਅਤੇ ਪੁਲਵਾਮਾ 'ਚ ਮਾਰੇ ਗਏ ਸਿਮਰਜੀਤ ਸਿੰਘ ਦੀ ਮਾਤਾ ਨੂੰ 1 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਵੀ ਫੈਸਲਾ ਕੀਤਾ ਗਿਆ ਹੈ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਵਿਉਂਤਬੰਦੀ ਕੀਤੀ ਗਈ ਹੈ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਭੁਪਿੰਦਰ ਸਿੰਘ ਭਲਵਾਨ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਸ. ਤੇਜਿੰਦਰਪਾਲ ਸਿੰਘ ਢਿੱਲੋਂ, ਸ. ਮਨਜੀਤ ਸਿੰਘ ਬੱਪੀਆਣਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਮਨਪ੍ਰੀਤ ਸਿੰਘ ਭਲਵਾਨ, ਸ. ਵਰਿੰਦਰ ਸਿੰਘ ਠਰੂ, ਸ. ਹਰਵਿੰਦਰ ਸਿੰਘ ਚੰਗਾਲ, ਸ. ਪ੍ਰਿਤਪਾਲ ਸਿੰਘ ਆਦਿ ਮੌਜੂਦ ਸਨ।



ਖ਼ਾਲਸਾ ਸਾਜਣਾ ਦਿਵਸ ਵੈਸਾਖੀ ਮੌਕੇ ਗੁਰਦੁਆਰਾ ਬੇਰ ਸਾਹਿਬ ਛਾਉਣੀ ਨਿਹੰਗ ਸਿੰਘਾਂ ਤਲਵੰਡੀ ਸਾਬੋ ਵਿਖੇ ਬੁੱਢਾ ਦਲ ਵੱਲੋਂ ਕਰਵਾਏ ਗਏ ਗੱਤਕਾ ਮੁਕਾਬਲਿਆਂ ਦੀ ਆਰੰਭਤਾ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਮੈਂਬਰ ਸਾਹਿਬਾਨ ਤੇ ਹੋਰ




ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਸਹਿਯੋਗ ਨਾਲ ਵਰਲਡ ਕੈਂਸਰ ਕੇਅਰ ਵੱਲੋਂ ਵੈਸਾਖੀ ਦਿਹਾੜੇ ਮੌਕੇ ਤਲਵੰਡੀ ਸਾਬੋ ਵਿਖੇ ਲਗਾਏ ਗਏ ਕੈਂਸਰ ਜਾਗਰੂਕਤਾ ਕੈਂਪ ਦੀ ਆਰੰਭਤਾ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ।

# ਮਾਤਾ ਤ੍ਰਿਪਤਾ ਜੀ ਨਿਵਾਸ ਬਣਨ ਨਾਲ ਸੰਗਤੀ ਰਿਹਾਇਸ਼ ਦਾ ਹੋਵੇਗਾ ਵਿਸਥਾਰ- ਭਾਈ ਲੌਂਗੋਵਾਲ

## ਭਾਈ ਲੌਂਗੋਵਾਲ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੁੱਜਦੀ ਸੰਗਤ ਲਈ ਨਵੀਂ ਸਰ੍ਹਾਂ ਦਾ ਰੱਖਿਆ ਨੀਂਹ ਪੱਥਰ



ਅੰਮ੍ਰਿਤਸਰ, 22 ਅਪ੍ਰੈਲ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜਦੀ ਸੰਗਤ ਨੂੰ ਰਿਹਾਇਸ਼ ਦੀ ਸਹੂਲਤ ਦਾ ਵਿਸਥਾਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਪਾਪੜਾਂ ਵਾਲੇ ਬਜ਼ਾਰ ਨਾਲ ਲਗਦੇ ਅਕਾਲੀ ਬਾਗ ਵਾਲੀ ਮਾਰਕੀਟ ਦੇ ਸਥਾਨ 'ਤੇ ਵਿਸ਼ਾਲ ਸੰਗਤ ਨਿਵਾਸ ਬਣਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਇਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਮਾਤਾ ਤ੍ਰਿਪਤਾ ਜੀ ਨਿਵਾਸ' ਉਸਾਰਿਆ ਜਾਵੇਗਾ, ਜਿਸ ਦਾ ਨੀਂਹ ਪੱਥਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਰੱਖਿਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਭਾਈ ਸੁਲਤਾਨ ਸਿੰਘ ਨੇ ਆਰੰਭਤਾ ਦੀ ਅਰਦਾਸ ਕੀਤੀ।

ਇਸ ਦੌਰਾਨ ਗੱਲਬਾਤ ਕਰਦਿਆਂ ਭਾਈ ਲੌਂਗੋਵਾਲ ਨੇ ਆਖਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਲਈ ਅਧਿਆਤਮਕ ਅਸਥਾਨ ਹਨ ਅਤੇ ਇਥੇ ਪੁੱਜਦੀ ਸੰਗਤ ਲਈ ਸ਼੍ਰੋਮਣੀ ਕਮੇਟੀ ਵੱਲੋਂ ਨਵਾਂ ਯਾਤਰੀ ਨਿਵਾਸ ਜਲਦ ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਸੰਗਤ ਦੀ ਆਮਦ ਵਿਚ ਵੱਡਾ ਵਾਧਾ ਹੋਣ ਕਾਰਨ ਰਿਹਾਇਸ਼ ਦੀ ਕਿੱਲਤ ਨੂੰ ਦੂਰ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਇਹ ਉਪਰਾਲਾ ਕੀਤਾ ਜਾ ਰਿਹਾ ਹੈ।

ਭਾਈ ਲੌਂਗੋਵਾਲ ਕਿਹਾ ਕਿ ਇਹ ਵਿਸ਼ਾਲ ਜਗ੍ਹਾ 'ਤੇ ਸੰਗਤ ਲਈ ਵੱਡੀ ਗਿਣਤੀ ਵਿਚ ਕਮਰੇ ਉਸਾਰੇ ਜਾਣ ਦੀ ਸਮਰਥਾ ਰੱਖਦੀ ਹੈ ਅਤੇ ਇਥੇ ਨਿਵਾਸ ਬਣਨ ਨਾਲ ਸੰਗਤੀ ਰਿਹਾਇਸ਼ ਵਿਚ ਵੱਡਾ ਵਾਧਾ ਹੋਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਅਜਾਇਬ ਸਿੰਘ ਅਭਿਆਸੀ, ਸ. ਲਖਬੀਰ ਸਿੰਘ ਅਰਾਈਆਂ ਵਾਲਾ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਜਤਿੰਦਰਪਾਲ ਸਿੰਘ ਤੇ ਸੁਖਜਿੰਦਰ ਸਿੰਘ ਐਸ.ਡੀ.ਓ. ਸਮੇਤ ਹੋਰ ਮੌਜੂਦ ਸਨ।

# ਮਾਝਾ ਜੋਨ ਵਿਚ ਅਪ੍ਰੈਲ ਮਹੀਨੇ 6140 ਪ੍ਰਾਣੀਆਂ ਅੰਮ੍ਰਿਤਪਾਨ ਕੀਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਜਾ ਰਹੇ ਅੰਮ੍ਰਿਤ ਸੰਚਾਰ ਸਮਾਗਮਾਂ ਸਮੇਂ ਅਪ੍ਰੈਲ ਮਹੀਨੇ ਮਾਝਾ ਜੋਨ ਅਧੀਨ ਵੱਖ-ਵੱਖ ਥਾਵਾਂ ਤੇ 6140 ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ। ਦਫਤਰ ਮਾਝਾ ਜੋਨ ਤੋਂ ਪੁੱਜੀ ਜਾਣਕਾਰੀ ਮੁਤਾਬਕ 1 ਅਪ੍ਰੈਲ ਤੋਂ ਲੈ ਕੇ 30 ਅਪ੍ਰੈਲ ਤੱਕ ਸ੍ਰੀ ਅਕਾਲ ਤਖਤ ਸਾਹਿਬ ਵਿਖੇ 3132 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਜਦਿਕਿ ਏਸੇ ਸਮੇਂ ਦੌਰਾਨ ਖੇਤਰ ਦੇ 27 ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ 2721 ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ। ਮਾਝਾ ਜੋਨ ਨਾਲ ਅਟੈਚ ਸਿੱਖ ਮਿਸ਼ਨ ਜੰਮੂ ਕਸ਼ਮੀਰ ਵਿਖੇ ਵੀ ਧਰਮ ਪ੍ਰਚਾਰ ਲਹਿਰ ਤਹਿਤ 287 ਪ੍ਰਾਣੀ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

## ਝਾਰਖੰਡ ਦੇ ਜਮਸ਼ੇਦਪੁਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਗੁਰਮਤਿ ਸਮਾਗਮ

# ਮਨੁੱਖਤਾ ਦੀ ਹਰ ਖ਼ੇਤਰ 'ਚ ਅਗਵਾਈ ਕਰਦੀ ਹੈ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ- ਗਿਆਨੀ ਹਰਪ੍ਰੀਤ ਸਿੰਘ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸੂਬਿਆਂ ਵਿਚ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਟਾਟਾ ਨਗਰ ਜਮਸ਼ੇਦਪੁਰ (ਝਾਰਖੰਡ) ਵਿਖੇ ਗੁਰਮਤਿ ਸਮਾਗਮ ਆਯੋਜਿਤ ਕੀਤਾ ਗਿਆ। ਇਸ ਤੋਂ ਪਹਿਲਾਂ ਸੈਂਟਰਲ ਗੁਰਦੁਆਰਾ ਪ੍ਰਬੰਧਕ ਕਮੇਟੀ ਜਮਸ਼ੇਦਪੁਰ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਟਾਟਾ ਨਗਰ ਦੇ ਗੁਰਦੁਆਰਾ ਸਾਹਿਬਾਨ 'ਚ ਸ਼੍ਰੋਮਣੀ ਕਮੇਟੀ ਦੀ ਪ੍ਰਚਾਰ ਵਹੀਰ ਵੱਲੋਂ ਧਾਰਮਿਕ ਦੀਵਾਨ ਸਜਾਏ ਗਏ। ਮੁੱਖ ਸਮਾਗਮ ਗੁਰਦੁਆਰਾ ਸਾਹਿਬ ਸਾਕਚੀ ਵਿਖੇ ਹੋਇਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਹਾਜ਼ਰ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖਤਾ ਦੀ ਹਰ ਖੇਤਰ ਵਿਚ ਅਗਵਾਈ ਕਰਦੀ ਹੈ। ਉਨ੍ਹਾਂ ਆਖਿਆ ਕਿ ਜੇਕਰ ਅਸੀਂ ਵਰਤਮਾਨ ਸਮੱਸਿਆਵਾਂ ਤੋਂ ਛੁਟਕਾਰਾ ਚਾਹੁੰਦੇ ਹਾਂ ਤਾਂ ਸਾਨੂੰ ਗੁਰਬਾਣੀ ਦੇ ਮੁਲਵਾਨ ਉਪਦੇਸ਼ਾਂ ਨੂੰ ਜੀਵਨ ਦਾ ਹਿੱਸਾ ਬਣਾਉਣਾ ਪਵੇਗਾ। ਉਨ੍ਹਾਂ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਗਤ ਨੂੰ ਹੁੰਮ-ਹੁੰਮਾ ਕੇ ਪੁੱਜਣ ਦੀ ਅਪੀਲ ਕੀਤੀ ਅਤੇ ਖ਼ਾਲਸਈ ਰਹਿਤ ਦੇ ਧਾਰਨੀ ਬਣਨ ਲਈ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ, ਭਾਈ ਹਰਭਿੰਦਰ ਸਿੰਘ ਤੇ ਭਾਈ ਅਵਤਾਰ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਤੋਂ ਇਲਾਵਾ ਭਾਈ ਗੁਰਭੇਜ ਸਿੰਘ ਚਵਿੰਡਾ ਤੇ ਢਾਡੀ ਜਥੇ ਨੇ ਢਾਡੀ ਵਾਰਾਂ ਸਰਵਣ ਕਰਵਾਈਆਂ। ਇਸ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਅਤੇ 33 ਪ੍ਰਾਣੀਆਂ ਨੇ ਗੁਰੂ ਬਖ਼ਸ਼ਿਸ਼ ਅੰਮ੍ਰਿਤਪਾਨ ਕੀਤਾ। ਸਮਾਗਮ ਸਮੇਂ ਸੈਂਟਰਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੁਰਮੁੱਖ ਸਿੰਘ ਨੇ ਸਿੰਘ ਸਾਹਿਬ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿਚ ਵੀ ਅਜਿਹੇ ਸਮਾਗਮਾਂ ਸਮੇਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਈ। ਸਟੇਜ ਦੀ ਸੇਵਾ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਛਾਪਾ ਨੇ ਨਿਭਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਜਸਬੀਰ ਸਿੰਘ, ਸ. ਅਵਤਾਰ ਸਿੰਘ, ਸ. ਬਲਬੀਰ ਸਿੰਘ, ਸ. ਸੁਖਵਿੰਦਰ ਸਿੰਘ, ਸ. ਦੀਪਕ ਸਿੰਘ ਗਿੱਲ, ਸ. ਦਲਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।



ਗੁਰੂ ਨਾਨਕ ਗਰਲਜ਼ ਸੀਨੀ: ਸੈਕੰ: ਸਕੂਲ ਧਾਰੀਵਾਲ ਵਿਖੇ ਵਿਦਿਆਰਥਣਾਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਬੀਬੀ ਰਾਜਬੀਰ ਕੌਰ।



ਗੁਰਦੁਆਰਾ ਗੁਰੂ ਨਾਨਕ ਦਰਬਾਰ ਪਿਪਲਾਨੀ ਭੇਲ, ਭੂਪਾਲ (ਐਮ.ਪੀ.) ਵਿਖੇ ਗੁਰਮਤਿ ਕੈਂਪ ਵਿਚ ਸ਼ਾਮਲ ਬੱਚਿਆਂ ਨੂੰ ਨਿਤਨੇਮ ਦੀ ਸੰਥਿਆ ਕਰਵਾਉਂਦੇ ਹੋਏ ਪ੍ਰਚਾਰਕ ਭਾਈ ਖਜਾਨ ਸਿੰਘ।


ਪਿੰਡ ਤੰਬੂਵਾਲਾ ਹਲਕਾ ਜਲਾਲਾਬਾਦ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਰਸ਼ਨ ਸਿੰਘ ਮੋਠਾਂਵਾਲਾ ਦੇ ਸਹਿਯੋਗ ਸਦਕਾ ਕਰਵਾਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 70 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


5 ਅਪ੍ਰੈਲ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 93 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।


6 ਅਪ੍ਰੈਲ ਨੂੰ ਪਿੰਡ ਮੂਸਾ (ਮਾਨਸਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 26 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


7 ਅਪ੍ਰੈਲ ਨੂੰ ਗੁਰਦੁਆਰਾ ਸੰਤਪੁਰ ਬੋੜਹਾਈ ਕਲਾਂ ਹਲਕਾ ਮਲੇਰਕੋਟਲਾ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜੈਪਾਲ ਸਿੰਘ ਮੰਡੀਆ ਦੇ ਸਹਿਯੋਗ ਨਾਲ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 51 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।


ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ (ਗੁਰਦਾਸਪੁਰ) ਵਿਖੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 141 ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।


14 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਛਕਣ ਵਾਲੇ 350 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ, ਪ੍ਰੋ: ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ, ਸ. ਜਰਨੈਲ ਸਿੰਘ ਕਰਤਾਰਪੁਰ ਅੰਤ੍ਰਿੰਗ ਮੈਂਬਰ।


ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜਪੁਰਾ ਟਾਊਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਛਕਣ ਵਾਲੇ 25 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ।


ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਹਲਕਾ ਸਮਾਣਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 51 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਦੇ ਲੜ ਲੱਗੇ।


15 ਅਪ੍ਰੈਲ ਨੂੰ ਪਿੰਡ ਮੋਹੀ ਖੁਰਦ ਹਲਕਾ ਰਾਜਪੁਰਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 60 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


ਪਿੰਡ ਝਲੂਰ ਹਲਕਾ ਚੰਨਣਵਾਲ ਜ਼ਿਲ੍ਹਾ ਬਰਨਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 57 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।


11 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਨਾਮਦੇਵ ਭਵਨ ਅਕਾਲ ਸਰ ਰੋਡ ਮੋਗਾ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 60 ਅੰਮ੍ਰਿਤ ਅਭਿਲਾਖੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।


16 ਅਪ੍ਰੈਲ ਗੁਰਦੁਆਰਾ ਸਾਹਿਬ ਗੁਰੂ ਨਾਨਕ ਸਾਧ ਸੰਗਤ ਪਿੰਡ ਕਾਲਰਾ (ਜਲੰਧਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 12 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



9 ਅਪ੍ਰੈਲ ਨੂੰ ਗੁਰਦੁਆਰਾ ਸਿੰਘ ਸਭਾ ਕੀਰ ਪਿੰਡ ਆਰ ਐਸ ਪੁਰਾ (ਜੰਮੂ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 149 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



12 ਅਪ੍ਰੈਲ ਨੂੰ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਪਿੰਡ ਚੱਕ ਸ਼ਰੀਫ ਗੁਰਦਾਸਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 37 ਪ੍ਰਾਣੀਆਂ ਵੱਲੋਂ ਅੰਮ੍ਰਿਤਪਾਨ ਕਰ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਗਿਆ।



ਗੁਰਦੁਆਰਾ ਬਾਬਾ ਬੁੱਢਾ ਜੀ ਰਮਦਾਸ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 88 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



15 ਅਪ੍ਰੈਲ ਨੂੰ ਅਕਾਲ ਅਕੈਡਮੀ ਦਦੇਹਰ ਸਾਹਿਬ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਵਿਦਿਆਰਥੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਸਾਹਿਬ ਸ਼ਹੀਦ ਨਗਰ ਬੁੱਢਾ ਜੌਹੜ ਗੰਗਾਨਗਰ ਰਾਜਸਥਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 40 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



ਪਿੰਡ ਸਾਬੂਆਣਾ ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ)ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 24 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



13 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਸਿੰਘ ਸਭਾ ਹਲਦੁਆਨੀ ਨੈਨੀਤਾਲ (ਉਤਰਾਖੰਡ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 23 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਸਾਹਿਬ ਭਾਈ ਬੰਨੋ ਕਾਹਨਪੁਰ (ਯੂ.ਪੀ.) ਵਿਖੇ ਸਿੱਖ ਮਿਸ਼ਨ ਹਾਪੁੜ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 46 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਿਲਾਸਪੁਰ ਯੂ.ਪੀ. ਵਿਖੇ ਸਿੱਖ ਮਿਸ਼ਨ ਹਾਪੁੜ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 140 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪ੍ਰੇਮ ਸਭਾ ਅਕਾਲੀ, ਸਰਸਪੁਰ (ਅਹਿਮਦਾਬਾਦ) ਵਿਖੇ ਸਿੱਖ ਮਿਸ਼ਨ ਗੁਜਰਾਤ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 51 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਤੇ ਦਸਵੀਂ ਕਪਾਲ ਮੋਚਨ ਵਿਖੇ ਸਿੱਖ ਮਿਸ਼ਨ ਕੁਰੂਕਸ਼ੇਤਰ (ਹਰਿਆਣਾ) ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 111 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



4 ਅਪ੍ਰੈਲ ਨੂੰ ਅੰਮ੍ਰਿਤਸਰ ਦੇ ਪਿੰਡ ਬੰਡਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 42 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

ਲੜੀ ਜੋੜਨ ਲਈ ਪਿਛਲਾ ਅੰਕ ਦੇਖੋ

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ੪. ਸਾਧ ਸੰਗਤ ਵਿਚ ਜੁੜ ਕੇ ਗੁਰਬਾਣੀ ਦਾ ਅਭਿਆਸ

### ਗੁਰਦੁਆਰੇ

(ੳ) ਗੁਰਬਾਣੀ ਦਾ ਅਸਰ ਸਾਧ ਸੰਗਤ 'ਚ ਬੈਠਿਆਂ ਵਧੇਰੇ ਹੁੰਦਾ ਹੈ। ਇਸ ਲਈ ਸਿੱਖ ਲਈ ਉਚਿਤ ਹੈ ਕਿ ਸਿੱਖ ਸੰਗਤਾਂ ਦੇ ਜੋੜ-ਮੇਲ ਦੇ ਅਸਥਾਨਾਂ-ਗੁਰਦੁਆਰਿਆਂ ਦੇ ਦਰਸ਼ਨ ਕਰੇ ਤੇ ਸਾਧ ਸੰਗਤ ਵਿਚ ਬੈਠ ਕੇ ਗੁਰਬਾਣੀ ਤੋਂ ਲਾਭ ਉਠਾਵੇ।

(ਅ) ਗੁਰਦੁਆਰੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਨਿਤਾ-ਪ੍ਰਤੀ ਹੋਵੇ। ਬਿਨਾਂ ਖਾਸ ਕਾਰਨ ਦੇ (ਜਦ ਕਿ ਪ੍ਰਕਾਸ਼ ਜਾਰੀ ਰੱਖਣ ਦੀ ਲੋੜ ਹੋਵੇ) ਰਾਤ ਨੂੰ ਪ੍ਰਕਾਸ਼ ਨਾ ਰਹੇ। ਆਮ ਤੌਰ 'ਤੇ ਰਹਰਾਸਿ ਦੇ ਪਾਠ ਮਗਰੋਂ ਸੁੱਖ-ਆਸਨ ਕੀਤਾ ਜਾਵੇ। ਜਦ ਤਕ ਗ੍ਰੰਥੀ ਜਾਂ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਲਈ ਹਾਜ਼ਰ ਰਹਿ ਸਕੇ ਜਾਂ ਪਾਠੀਆਂ, ਦਰਸ਼ਨ ਕਰਨ ਵਾਲਿਆਂ ਦੀ ਆਵਾਜਾਈ ਰਹੇ ਜਾਂ ਬੇਅਦਬੀ ਦਾ ਖਤਰਾ ਨਾ ਹੋਵੇ, ਤਦ ਤਕ ਪ੍ਰਕਾਸ਼ ਰਹੇ। ਉਪ੍ਰੰਤ ਸੁੱਖ ਆਸਨ ਕਰ ਦੇਣਾ ਉਚਿਤ ਹੈ, ਤਾਂ ਜੋ ਬੇਅਦਬੀ ਨਾ ਹੋਵੇ।

(ੲ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਨਮਾਨ ਨਾਲ ਪ੍ਰਕਾਸ਼ਿਆ, ਪੜ੍ਹਿਆ ਤੇ ਸੰਤੋਖਿਆ ਜਾਵੇ। ਪ੍ਰਕਾਸ਼ ਲਈ ਜ਼ਰੂਰੀ ਹੈ ਕਿ ਸਥਾਨ ਸਾਫ-ਸੁਥਰਾ ਹੋਵੇ। ਉਪਰ ਚਾਂਦਨੀ ਹੋਵੇ। ਪ੍ਰਕਾਸ਼ ਮੰਜੀ ਸਾਹਿਬ 'ਤੇ ਸਾਫ-ਸੁਥਰੇ ਬਸਤਰ ਵਿਛਾ ਕੇ ਕੀਤਾ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੰਭਾਲ ਕੇ ਪ੍ਰਕਾਸ਼ਨ ਲਈ ਗਦੇਲੇ ਆਦਿ ਸਮਿਆਨ ਵਰਤੇ ਜਾਣ ਅਤੇ ਉਪਰ ਲਈ ਰੁਮਾਲ ਹੋਵੇ। ਜਦ ਪਾਠ ਨਾ ਹੁੰਦਾ ਹੋਵੇ, ਤਾਂ ਉੱਤੇ ਰੁਮਾਲ ਪਿਆ ਰਹੇ। ਪ੍ਰਕਾਸ਼ ਵੇਲੇ ਚੌਰ ਭੀ ਚਾਹੀਏ।

(ਸ) ਉਪਰ ਦੱਸੇ ਸਾਮਾਨ ਤੋਂ ਇਲਾਵਾ ਧੂਪ ਜਾਂ ਦੀਵੇ ਮਚਾ ਕੇ ਆਰਤੀ ਕਰਨੀ, ਭੋਗ ਲਾਉਣਾ, ਜੋਤਾਂ ਜਗਾਉਣੀਆਂ, ਟੱਲ ਖੜਕਾਉਣੇ ਆਦਿ ਕਰਮ ਗੁਰਮਤਿ ਅਨੁਸਾਰ ਨਹੀਂ। ਹਾਂ, ਸਥਾਨ ਨੂੰ ਸੁਗੰਧਿਤ ਕਰਨ ਲਈ ਫੁੱਲ, ਧੂਪ ਆਦਿ ਸੁਗੰਧੀਆਂ ਵਰਤਣੀਆਂ ਵਿਵਰਜਿਤ ਨਹੀਂ। ਕਮਰੇ ਅੰਦਰ ਰੌਸ਼ਨੀ ਲਈ ਤੇਲ, ਘੀ ਜਾਂ ਮੋਮਬੱਤੀ, ਬਿਜਲੀ, ਲੈਂਪ ਆਦਿ ਜਗਾ ਲੈਣੇ ਚਾਹੀਦੇ ਹਨ।

(ਹ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਾਕਰ (ਤੁੱਲ) ਕਿਸੇ ਪੁਸਤਕ ਨੂੰ ਅਸਥਾਪਨ ਨਹੀਂ ਕਰਨਾ। ਗੁਰਦੁਆਰੇ ਵਿਚ ਕੋਈ ਮੂਰਤੀਪੂਜਾ ਜਾਂ ਹੋਰ ਗੁਰਮਤਿ ਦੇ ਵਿਰੁੱਧ ਕੋਈ ਰੀਤੀ ਜਾਂ ਸੰਸਕਾਰ ਨਾ ਹੋਵੇ, ਨਾ ਹੀ ਕੋਈ ਅਨਮਤ ਦਾ ਤਿਉਹਾਰ ਮਨਾਇਆ ਜਾਵੇ। ਹਾਂ, ਕਿਸੇ ਮੌਕੇ ਜਾਂ ਇੱਕਤ੍ਰਤਾ ਨੂੰ ਗੁਰਮਤਿ ਦੇ ਪ੍ਰਚਾਰ ਲਈ ਵਰਤਣਾ ਅਯੋਗ ਨਹੀਂ।

(ਕ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਘੂੜੇ ਦੇ ਪਾਵਿਆਂ ਨੂੰ ਮੁੱਠੀਆਂ ਭਰਨੀਆਂ, ਕੰਧਾਂ ਜਾਂ ਥੜ੍ਹਿਆਂ 'ਤੇ ਨੱਕ ਰਗੜਨਾ ਜਾਂ ਮੁੱਠੀਆਂ ਭਰਨੀਆਂ, ਮੰਜੀ ਸਾਹਿਬ ਹੇਠਾਂ ਪਾਣੀ ਰੱਖਣਾ, ਗੁਰਦੁਆਰਿਆਂ ਵਿਚ ਮੂਰਤੀਆਂ (ਬੁੱਤ) ਬਨਾਣੀਆਂ ਜਾਂ ਰੱਖਣੀਆਂ, ਗੁਰੂ ਸਾਹਿਬਾਨ ਜਾਂ ਸਿੱਖ ਬਜੁਰਗਾਂ ਦੀਆਂ ਤਸਵੀਰਾਂ ਅੱਗੇ ਮੱਥੇ ਟੇਕਣੇ, ਇਹੋ ਜਿਹੇ ਕਰਮ ਮਨਮੱਤ ਹਨ।

(ਖ) ਇਕ ਤੋਂ ਦੂਜੀ ਥਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਲੈ ਜਾਣ ਵੇਲੇ ਅਰਦਾਸ ਕਰਨੀ ਚਾਹੀਏ। ਜਿਸ ਨੇ ਸਿਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਚੁੱਕਿਆ ਹੋਵੇ, ਉਹ ਨੰਗੇ ਪੈਰੀਂ ਚਲੇ, ਪਰ ਜੇਕਰ ਕਿਸੇ ਮੌਕੇ ਜੋੜੇ ਪਾਣ ਦੀ ਅਤਿ ਲੋੜ ਪੈ ਜਾਵੇ, ਤਾਂ ਭਰਮ ਨਹੀਂ ਕਰਨਾ।

(ਗ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਅਰਦਾਸਾ ਸੋਧ ਕੇ ਪ੍ਰਕਾਸ਼ ਕੀਤਾ ਜਾਵੇ। ਪ੍ਰਕਾਸ਼ ਕਰਨ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਇਕ ਸ਼ਬਦ ਦਾ ਵਾਕ ਲਿਆ ਜਾਵੇ।

(ਘ) ਜਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਆਵੇ ਤਾਂ ਭਾਵੇਂ ਅੱਗੇ ਪ੍ਰਕਾਸ਼ ਹੋਇਆ ਹੋਵੇ ਜਾਂ ਨਾ, ਹਰ ਇਕ ਸਿੱਖ ਨੂੰ ਸਨਮਾਨ ਲਈ ਉੱਠ ਖਲੋਣਾ ਚਾਹੀਏ।

(ਙ) ਗੁਰਦੁਆਰੇ ਅੰਦਰ ਜਾਣ ਲੱਗਿਆਂ ਜੋੜੇ ਬਾਹਰ ਲਾਹ ਕੇ, ਸੁਥਰਾ ਹੋ ਕੇ ਜਾਣਾ ਚਾਹੀਏ, ਜੇ ਪੈਰ ਮੈਲੇ ਜਾਂ ਗੰਦੇ ਹੋਣ, ਤਾਂ ਜਲ ਨਾਲ ਧੋ ਲੈਣੇ ਚਾਹੀਏ। ਸ੍ਰੀ ਗੁਰੂ ਗ੍ਰੰਥ ਸਾਹਿਬ ਅਥਵਾ ਗੁਰਦੁਆਰੇ ਨੂੰ ਆਪਣੇ ਸੱਜੇ ਪਾਸੇ ਰੱਖ ਕੇ ਪ੍ਰਕਰਮਾ ਕਰਨੀ ਚਾਹੀਏ।

(ਚ) ਗੁਰਦੁਆਰੇ ਅੰਦਰ ਦਰਸ਼ਨਾਂ ਲਈ ਜਾਣ ਲਈ ਕਿਸੇ ਦੇਸ਼, ਮਜ਼੍ਹਬ, ਜਾਤਿ ਵਾਲੇ ਨੂੰ ਮਨਾਹੀ ਨਹੀਂ, ਪਰ ਉਸ ਦੇ ਪਾਸ ਸਿੱਖ ਧਰਮ ਤੋਂ ਵਿਵਰਜਿਤ, ਤਮਾਕੂ ਆਦਿ ਕੋਈ ਚੀਜ਼ ਨਹੀਂ ਹੋਣੀ ਚਾਹੀਦੀ।

(ਛ) ਗੁਰਦੁਆਰੇ ਅੰਦਰ ਜਾ ਕੇ ਸਿੱਖ ਦਾ ਪਹਿਲਾ ਕਰਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਣਾ ਹੈ। ਉਪ੍ਰੰਤ ਗੁਰੂ ਰੂਪ ਸਾਧ ਸੰਗਤ ਦੇ ਦਰਸ਼ਨ ਕਰ ਕੇ ਸਹਿਜ ਨਾਲ 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ' ਬੁਲਾਈ ਜਾਵੇ।

(ਜ) ਸੰਗਤ ਵਿਚ ਬੈਠਨ ਲਈ ਭੀ ਸਿੱਖ-ਅਸਿੱਖ, ਛੂਤ-ਛਾਤ, ਜਾਤ-ਪਾਤ, ਊਚ-ਨੀਚ ਦਾ ਭਰਮ ਜਾਂ ਵਿਤਕਰਾ ਨਹੀਂ ਕਰਨਾ।

(ਝ) ਕਿਸੇ ਮਨੁੱਖ ਦਾ ਸਤਿਗੁਰਾਂ ਦੇ ਪ੍ਰਕਾਸ਼ ਸਮੇਂ ਜਾਂ ਸੰਗਤ ਵਿਚ ਗਦੇਲਾ, ਆਸਣ, ਕੁਰਸੀ, ਚੌਕੀ, ਮੰਜਾ ਆਦਿ ਲਾ ਕੇ ਬੈਠਣਾ ਜਾਂ ਕਿਸੇ ਹੋਰ ਵਿਤਕਰੇ ਨਾਲ ਬੈਠਣਾ ਮਨਮੱਤ ਹੈ।

(ਞ) ਸੰਗਤ ਵਿਚ ਜਾਂ ਸਤਿਗੁਰਾਂ ਦੇ ਪ੍ਰਕਾਸ਼ ਸਮੇਂ ਕਿਸੇ ਸਿੱਖ ਨੂੰ ਨੰਗੇ ਸਿਰ ਨਹੀਂ ਬੈਠਣਾ ਚਾਹੀਦਾ। ਸੰਗਤ ਵਿਚ ਸਿੱਖ ਇਸਤਰੀਆਂ ਲਈ ਪਰਦਾ ਕਰਨਾ ਜਾਂ ਘੁੰਡ ਕੱਢਣਾ ਗੁਰਮਤਿ ਵਿਰੁੱਧ ਹੈ।

(ਟ) ਤਖ਼ਤ ਪੰਜ ਹਨ:-

੧. ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ।
੨. ਤਖ਼ਤ ਸ੍ਰੀ ਪਟਨਾ ਸਾਹਿਬ।
੩. ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ।
੪. ਤਖ਼ਤ ਸ੍ਰੀ ਹਜ਼ੂਰ ਸਾਹਿਬ, ਨੰਦੇੜ।
੫. ਤਖ਼ਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ)।

(ਠ) ਤਖ਼ਤਾਂ ਦੇ ਖਾਸ ਅਸਥਾਨ ਉੱਤੇ ਕੇਵਲ ਰਹਿਤਵਾਨ ਅੰਮ੍ਰਿਤਧਾਰੀ ਸਿੰਘ (ਸਿੰਘ ਜਾਂ ਸਿੰਘਣੀ) ਹੀ ਚੜ੍ਹ ਸਕਦੇ ਹਨ। (ਤਖ਼ਤਾਂ ਉੱਤੇ ਪਤਿਤ ਤੇ ਤਨਖਾਹੀਏ ਸਿੱਖ ਤੋਂ ਬਿਨਾਂ ਹਰ ਇਕ ਪ੍ਰਾਣੀ ਮਾਤਰ, ਸਿੱਖ ਗੈਰ-ਸਿੱਖ ਦੀ ਅਰਦਾਸ ਹੋ ਸਕਦੀ ਹੈ।)

(ਡ) ਹਰ ਇਕ ਗੁਰਦੁਆਰੇ ਵਿਚ ਨਿਸ਼ਾਨ ਸਾਹਿਬ ਕਿਸੇ ਉੱਚੀ ਥਾਂ 'ਤੇ ਲੱਗਾ ਹੋਵੇ। ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦਾ ਰੰਗ ਬਸੰਤੀ ਜਾਂ ਸੁਰਮਈ ਹੋਵੇ ਅਤੇ ਨਿਸ਼ਾਨ ਸਾਹਿਬ ਦੇ ਸਿਰੇ ਉੱਤੇ ਸਰਬਲੋਹ ਦਾ ਭਾਲਾ ਜਾਂ ਖੰਡਾ ਹੋਵੇ।

(ਢ) ਗੁਰਦੁਆਰੇ ਵਿਚ ਨਗਾਰਾ ਹੋਵੇ, ਜੋ ਸਮੇਂ ਸਿਰ ਵਜਾਇਆ ਜਾਵੇ।

ਚੱਲਦਾ...

# ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਰ ਪੂਰਨਪੁਰ (ਯੂ.ਪੀ.) ਵਿਖੇ ਗੁਰਮਤਿ ਸਮਾਗਮ ਕਰਵਾਇਆ

## ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨਾਲ ਸਾਂਝੀਆਂ ਕੀਤੀਆਂ ਗੁਰਮਤਿ ਵਿਚਾਰਾਂ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉੱਤਰ ਪ੍ਰਦੇਸ਼ ਦੇ ਜਿਲ੍ਹਾ ਪੀਲੀਭੀਤ ਵਿਚ ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਲ ਪੂਰਨਪੁਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਰੂਪ ਵਿਚ ਕਰਵਾਏ ਗਏ ਇਸ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਸੰਗਤ ਨਾਲ ਵਿਚਾਰਾਂ ਸਾਂਝੀਆਂ ਕੀਤੀਆਂ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਅੰਦਰ ਧਾਰਮਿਕ ਸਭਾ-ਸੁਸਾਇਟੀਆਂ, ਸਿੱਖ ਸੰਪਰਦਾਵਾਂ ਤੇ ਜਥੇਬੰਦੀਆਂ ਦੇ ਸਹਿਯੋਗ ਨਾਲ ਵੱਖ-ਵੱਖ ਥਾਈਂ ਗੁਰਮਤਿ ਸਮਾਗਮ ਉਲੀਕੇ ਗਏ। ਇਨ੍ਹਾਂ ਸਮਾਗਮਾਂ ਅੰਦਰ ਭਰਵੀਂ ਗਿਣਤੀ ਵਿਚ ਸੰਗਤ ਨੇ ਸ਼ਮੂਲੀਅਤ ਕੀਤੀ।

ਪੂਰਨਪੁਰ ਵਿਖੇ ਹੋਏ ਗੁਰਮਤਿ ਸਮਾਗਮ ਵਿਚ ਪੁੱਜੇ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਦਵਿੰਦਰ ਸਿੰਘ, ਭਾਈ ਅਜਾਇਬ ਸਿੰਘ, ਕਥਾਵਾਚਕ ਭਾਈ ਬੰਤਾ ਸਿੰਘ ਮੁੰਡਾਪਿੰਡ, ਧਰਮ ਪ੍ਰਚਾਰ ਕਮੇਟੀ ਦੇ ਹੈਡ ਪ੍ਰਚਾਰਕ ਭਾਈ ਜਗਦੇਵ ਸਿੰਘ, ਯੂ.ਪੀ. ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਉਤਰਾਖੰਡ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਜਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਹਾਜ਼ਰੀ ਭਰੀ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਵਿਸ਼ਵ ਦੇ ਸਰੋਕਾਰਾਂ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਸਾਨੂੰ ਅਜਿਹੀ ਸਮਰੱਥ ਵਿਚਾਰਧਾਰਾ ਬਖਸ਼ਣ ਵਾਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ ਉੱਤੇ ਮਨਾਉਣ ਲਈ ਆਪੋ-ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਮੌਕੇ ਨੂੰ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਵੱਧ ਤੋਂ ਵੱਧ ਵਰਤਣਾ ਚਾਹੀਦਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਤੇ ਉਤਰਾਖੰਡ ਵਿਖੇ ਗੁਰਮਤਿ ਸਮਾਗਮਾਂ ਦੀ ਲੜੀ ਚਲਾਉਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵੱਖ-ਵੱਖ ਸੰਪਰਦਾਵਾਂ ਵੱਲੋਂ ਇਸ ਸਬੰਧੀ ਕੀਤੀ ਜਾ ਰਹੀ ਸਹਿਯੋਗੀ ਭੂਮਿਕਾ ਨੂੰ ਵੀ ਸਲਾਹਿਆ।

ਇਸ ਮੌਕੇ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਵਾਲਿਆਂ ਵੱਲੋਂ ਬਾਬਾ ਜਗਜੀਤ ਸਿੰਘ ਕਾਕਾ ਵੀਰ ਜੀ ਨੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ, ਕਥਾਵਾਚਕਾਂ, ਰਾਗੀ ਤੇ ਕਵੀਸ਼ਰ ਢਾਡੀ ਜਥਿਆਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰਨਾਂ ਸਖ਼ਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸ. ਜਗਸੀਰ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਜਸਵੰਤ ਸਿੰਘ, ਬਾਬਾ ਬਲਬੀਰ ਸਿੰਘ, ਬਾਬਾ ਕੇਵਲ ਸਿੰਘ, ਬਾਬਾ ਗੁਰਤੇਜ ਸਿੰਘ, ਬਾਬਾ ਗੁਰਨਾਮ ਸਿੰਘ ਮਹਿੰਗਾਪੁਰ, ਸ. ਬਲਜੀਤ ਸਿੰਘ ਪ੍ਰਧਾਨ ਸਿੰਘ ਸਭਾ ਪੂਰਨਪੁਰ, ਸ. ਸੇਵਾ ਸਿੰਘ ਪ੍ਰਧਾਨ ਗੁ: ਨਾਨਕਮਤਾ ਸਾਹਿਬ, ਬੀਬੀ ਇੰਦਰਜੀਤ ਕੌਰ, ਪ੍ਰਚਾਰਕ ਭਾਈ ਸਤਵੰਤ ਸਿੰਘ, ਭਾਈ ਮਨਜੀਤ ਸਿੰਘ, ਭਾਈ ਕਰਮ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਸੁਖਵਿੰਦਰ ਸਿੰਘ ਆਦਿ ਮਜੂਦ ਸਨ।

## ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 144 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ

ਬਲਬੇੜਾ: ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਚਰਨ ਛੋਹ ਪ੍ਰਾਪਤ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਪੰਜ ਪਿਆਰੇ ਸਾਹਿਬਾਨ ਨੇ ਪਹੁੰਚ ਕੇ 144 ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਸ਼ਬਦ-ਗੁਰੂ ਜੀ ਦੇ ਲੜ ਲਾਇਆ। ਇਸ ਮੌਕੇ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਵੱਲੋਂ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੱਤੀ ਗਈ ਅਤੇ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮਹਾਨ ਗੁਰਮਤਿ ਸਮਾਗਮ ਮੌਕੇ ਵਿਸ਼ਾਲ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਦੇ ਸਿਰਮੌਰ ਰਾਗੀ ਅਤੇ ਢਾਡੀ ਜਥਿਆਂ ਵੱਲੋਂ ਸ਼ਬਦ ਕੀਰਤਨ ਅਤੇ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਕਮਲਜੀਤ ਸਿੰਘ ਜੋਗੀਪੁਰ ਮੈਨੇਜਰ ਗੁਰਦੁਆਰਾ ਸਾਹਿਬ, ਭਾਈ ਸਤਪਾਲ ਸਿੰਘ ਹੈਡ ਗ੍ਰੰਥੀ, ਪ੍ਰਧਾਨ ਸ. ਅਮਰਜੀਤ ਸਿੰਘ ਨੌਗਾਵਾਂ, ਸ. ਰਣਜੀਤ ਸਿੰਘ ਸਰਪੰਚ ਕਰਹਾਲੀ, ਪ੍ਰਧਾਨ ਨੈਬ ਸਿੰਘ ਬਲਬੇੜਾ, ਸ. ਗੁਰਦੀਪ ਸਿੰਘ ਬੱਲ ਨੌਗਾਵਾਂ, ਸ. ਗੁਰਮੀਤ ਸਿੰਘ ਸਟੋਰ ਕੀਪਰ ਅਤੇ ਸੰਗਤਾਂ ਹਾਜ਼ਰ ਸਨ।

## ਗੁ: ਸ੍ਰੀ ਗੁਰੂ ਸਿੰਘ ਸਭਾ ਸ਼ਿਮਲਾ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸ਼ਿਮਲਾ (ਹਿਮਾਚਲ ਪ੍ਰਦੇਸ਼) ਵਿਖੇ 27-28 ਅਪ੍ਰੈਲ 2019 ਨੂੰ ਦੋ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜੱਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਸਰਵਣ ਕਰਵਾਇਆ।

ਇਸ ਸਮੇਂ ਵਿਸ਼ੇਸ਼ ਤੌਰ 'ਤੇ ਸੰਗਤਾਂ ਦੇ ਦਰਸ਼ਨ ਕਰਨ ਪਹੁੰਚੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸੰਗਤ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਿਆ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਦੀ ਅਗਵਾਈ ਕਰਦੀ ਹੈ, ਜਿਸ 'ਤੇ ਚੱਲ ਕੇ ਜੀਵਨ ਨੂੰ ਸੁਖਦਾਈ ਬਣਾਇਆ ਜਾ ਸਕਦਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਦੇਸ਼ ਭਰ ਦੇ ਵੱਖ ਵੱਖ ਸੂਬਿਆਂ ਵਿਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ ਨਵੰਬਰ 2019 ਵਿਚ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾ ਰਹੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਗੁਰਮਤਿ ਸਮਾਗਮਾਂ ਵਿਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਵੀ ਸੰਗਤ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੀਵਨ ਇਤਿਹਾਸ ਸਾਂਝਾ ਕੀਤਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਅਤੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਸਿਮਰਜੀਤ ਸਿੰਘ ਨੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਦੀਪ ਸਿੰਘ, ਭਾਈ ਪਰਮਜੀਤ ਸਿੰਘ ਨੇ ਵੀ ਹਾਜ਼ਰੀ ਭਰੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਦੇ ਸਿੱਖਿਆ ਮੰਤਰੀ ਸ੍ਰੀ ਸੁਰੇਸ਼ ਭਾਰਦਵਾਜ, ਵਿਧਾਇਕ ਸ੍ਰੀ ਸੁਰੇਸ਼ ਕਸ਼ਯਪ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸ਼ਿਮਲਾ ਦੇ ਪ੍ਰਧਾਨ ਸ. ਜਸਵਿੰਦਰ ਸਿੰਘ, ਮੀਤ ਪ੍ਰਧਾਨ ਸ. ਰਾਜਿੰਦਰ ਸਿੰਘ, ਜਨਰਲ ਸਕੱਤਰ ਸ. ਸੇਵਾ ਸਿੰਘ, ਸਕੱਤਰ ਸ. ਅਮਰਬੀਰ ਸਿੰਘ ਤੋਂ ਇਲਾਵਾ ਸ. ਗੁਰਸ਼ਰਨ ਸਿੰਘ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹਰਜੀਤ ਸਿੰਘ, ਰਾਗੀ ਭਾਈ ਸੁਖਜਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਪਰਿਵਾਰਾਂ ਸਮੇਂ ਹਾਜ਼ਰੀਆਂ ਭਰੀਆਂ।

# ਸਾਕਾ ਜੱਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਅਰਦਾਸ ਸਮਾਗਮ



ਅੰਮ੍ਰਿਤਸਰ 13 ਅਪ੍ਰੈਲ- 13 ਅਪ੍ਰੈਲ ਸੰਨ 1919 ਵਿਚ ਵਾਪਰੇ ਜੱਲ੍ਹਿਆਂਵਾਲੇ ਬਾਗ ਦੇ ਸਾਕੇ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਅਰਦਾਸ ਸਮਾਗਮ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੇ ਗਏ ਇਸ ਅਰਦਾਸ ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਸਮੁੱਚੇ ਸਟਾਫ਼ ਨੇ ਹਾਜ਼ਰੀ ਭਰ ਕੇ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਭੇਟ ਕੀਤੀ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸਮਾਗਮ ਜੱਲ੍ਹਿਆਂਵਾਲੇ ਬਾਗ ਦੇ ਸਾਕੇ ਦੀ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਕੁਹਾੜਕਾ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਪ੍ਰੇਮ ਸਿੰਘ ਨੇ ਅਰਦਾਸ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਪਾਵਨ ਹੁਕਮਨਾਮਾ ਸੰਗਤ ਨੂੰ ਸਰਵਣ ਕਰਵਾਇਆ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਜੱਲ੍ਹਿਆਂਵਾਲੇ ਬਾਗ ਦੇ ਖ਼ੂਨੀ ਸਾਕੇ ਲਈ ਬਰਤਾਨੀਆ ਸਰਕਾਰ ਪਾਸੋਂ ਮੁਆਫ਼ੀ ਦੀ ਮੰਗ ਵੀ ਕੀਤੀ ਜਾ ਚੁੱਕੀ ਹੈ। ਭਾਈ ਲੌਂਗੋਵਾਲ ਨੇ ਆਖਿਆ ਸੀ ਕਿ ਇਹ ਖ਼ੂਨੀ ਸਾਕਾ ਮਨੁੱਖੀ ਕਦਰਾਂ-ਕੀਮਤਾਂ ਦੇ ਵਿਰੁੱਧ ਇਕ ਸ਼ਰਮਨਾਕ ਕਾਰਾ ਸੀ, ਜਿਸ ਨੂੰ ਕਦੇ ਵੀ ਭੁੱਲਾਇਆ ਨਹੀਂ ਜਾ ਸਕਦਾ। ਇਸ ਮਨੁੱਖਤਾ ਮਾਰੂ ਕਾਰੇ ਲਈ ਬਰਤਾਨੀਆ ਸਰਕਾਰ ਨੂੰ ਸੰਸਦ ਵਿਚ ਮੁਆਫ਼ੀ ਮੰਗਣੀ ਚਾਹੀਦੀ ਹੈ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਅਰਦਾਸ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਸੁਰਜੀਤ ਸਿੰਘ ਭਿੱਟੇਵਡ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਨਿਸ਼ਾਨ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਰਾਜਿੰਦਰ ਸਿੰਘ ਰੂਬੀ, ਸ. ਬਘੇਲ ਸਿੰਘ ਤੇ ਸ. ਇਕਬਾਲ ਸਿੰਘ ਮੁਖੀ ਵਧੀਕ ਮੈਨੇਜਰ ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

# ਸਿੱਖ ਇਤਿਹਾਸ ਰਿਸਰਚ ਬੋਰਡ ਵਿਖੇ ਇਤਿਹਾਸ ਦੀਆਂ ਖੋਜ ਸਮਸਿਆਵਾਂ ਵਿਸ਼ੇ ਤੇ ਲੈਕਚਰ ਕਰਵਾਇਆ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਏ ਜਾ ਰਹੇ ਸਿੱਖ ਇਤਿਹਾਸ ਰਿਸਰਚ ਬੋਰਡ ਵਿਖੇ ਆਰੰਭੀ ਗਈ ਲੈਕਚਰ ਲੜੀ ਤਹਿਤ ਤੀਸਰਾ ਲੈਕਚਰ ਕਰਵਾਇਆ ਗਿਆ। ਆਰੰਭਤਾ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਨੇ ਬੋਲਦਿਆਂ ਕਿਹਾ ਕਿ ਇਤਿਹਾਸਕ ਖੋਜਾਂ ਲਈ ਅਜਿਹੇ ਉਪਰਾਲੇ ਅਹਿਮ ਹੁੰਦੇ ਹਨ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਹ ਲੜੀ ਨਿਰੰਤਰ ਜਾਰੀ ਰੱਖੀ ਜਾਵੇਗੀ। ਵਿਸ਼ੇਸ ਤੌਰ ਤੇ ਪਹੁੰਚੇ ਡਾ. ਧਰਮ ਸਿੰਘ ਨੇ ਸਿੱਖ ਇਤਿਹਾਸ ਦੀਆਂ ਖੋਜ ਸਮਸਿਆਵਾਂ ਵਿਸ਼ੇ ਤੇ ਪਰਚਾ ਪੜਦਿਆਂ ਵਰਤਮਾਨ ਸਮੇਂ ਖੋਜ ਕਾਰਜਾਂ ਪ੍ਰਤੀ ਆ ਰਹੀਆਂ ਸਮਸਿਆਵਾਂ ਬਾਰੇ ਜਾਣੂ ਕਰਵਾਇਆ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਆਪਣੇ ਭਾਸ਼ਨ ਵਿਚ ਸਿੱਖ ਇਤਿਹਾਸ ਦੇ ਖੋਜ ਕਾਰਜਾਂ ਵਿਚ ਲਗੇ ਸਕਾਲਰਾਂ ਨੂੰ ਹੋਰ ਮੇਹਨਤ ਕਰਨ ਲਈ ਪ੍ਰੇਰਿਆ।

ਇਸ ਮੌਕੇ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਇੰਚਾਰਜ ਡਾ. ਅਮਰਜੀਤ ਕੌਰ, ਡਾ. ਜੋਗੇਸ਼ਵਰ ਸਿੰਘ, ਬੀਬੀ ਮਨਮੋਹਨ ਕੌਰ, ਡਾ. ਸੁਖਪਾਲ ਸਿੰਘ ਖਾਲਸਾ ਕਾਲਜ, ਸਕਾਲਰ ਡਾ. ਰਣਜੀਤ ਕੌਰ, ਬੀਬੀ ਗੁਰਮੀਤ ਕੌਰ, ਸ. ਅਰਤਿੰਦਰ ਸਿੰਘ, ਸ. ਕਿਰਪਾਲ ਸਿੰਘ ਸਾਬਕਾ ਸਕਾਲਰ, ਸ. ਜਗਤਾਰ ਸਿੰਘ ਖੋਦੇਬੇਟ ਸਮੇਤ ਹੋਰ ਹਾਜ਼ਰ ਸਨ।

# ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਭਾ ਸੁਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਇਹ ਨਗਰ ਕੀਰਤਨ ਵੱਖ-ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ। ਨਗਰ ਕੀਰਤਨ ਦੌਰਾਨ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ 'ਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਨਿਭਾਈ। ਇਸ ਮੌਕੇ ਸ਼ਬਦੀ ਜਥੇ, ਗੱਤਕਾ ਪਾਰਟੀਆਂ, ਵੱਖ-ਵੱਖ ਸਕੂਲਾਂ ਦੇ ਬੱਚੇ ਅਤੇ ਬੈਂਡ ਪਾਰਟੀਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਪੈਦਲ ਸੰਗਤਾਂ ਨੇ ਸਤਿਨਾਮੁ ਵਾਹਿਗੁਰੂ ਦਾ ਜਾਪ ਕਰਦਿਆਂ ਸ਼ਮੂਲੀਅਤ ਕੀਤੀ। ਇਹ ਨਗਰ ਕੀਰਤਨ ਸ੍ਰੀ ਗੁਰੂ ਰਾਮਦਾਸ ਸਰਾਂ ਤੋਂ ਚੌਂਕ ਪਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਚੌਂਕ ਮੋਨੀ, ਹਵੇਲੀ ਅਬਲਵਾਈਆਂ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਕਣਕ ਮੰਡੀ, ਚਾਵਲ ਮੰਡੀ, ਚੌਂਕ ਭਾਈ ਮਤੀ ਦਾਸ, ਚੌਂਕ ਛੱਤੀ ਖੂਹੀ, ਬਜ਼ਾਰ ਬਾਂਸਾਂ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ, ਦਰਸ਼ਨੀ ਡਿਉੜੀ ਬਜ਼ਾਰ ਤੇ ਗੁਰੂ ਬਜ਼ਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਪੁੱਜਾ। ਰਸਤੇ ਵਿਚ ਸੰਗਤ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਅਤੇ ਸੰਗਤ ਲਈ ਵੱਖ-ਵੱਖ ਤਰ੍ਹਾਂ ਲੰਗਰ ਲਗਾਏ ਗਏ।

ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਜਿੰਦਰ ਸਿੰਘ ਕਾਹਲੋਂ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕਰਮਬੀਰ ਸਿੰਘ ਕਿਆਮਪੁਰ, ਮੈਨੇਜਰ ਸ. ਮੁਖਤਾਰ ਸਿੰਘ, ਵਧੀਕ ਮੈਨੇਜਰ ਸ. ਨਰਿੰਦਰ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ, ਸ. ਨਿਸ਼ਾਨ ਸਿੰਘ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸਮੁੱਚਾ ਸਟਾਫ, ਸਮੂਹ ਧਾਰਮਿਕ ਸਭਾ-ਸੁਸਾਇਟੀਆਂ ਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।

# ਗੁਰਦੁਆਰਾ ਕੋੜੀਵਾਲਾ ਘਾਟ (ਯੂ.ਪੀ.) ਵਿਖੇ ਕਰਵਾਇਆ ਵਿਸ਼ਾਲ ਗੁਰਮਤਿ ਸਮਾਗਮ

## 161 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਲਖੀਮਪੁਰ ਖੀਰੀ 'ਚ ਪੈਂਦੇ ਗੁਰਦੁਆਰਾ ਕੋੜੀਵਾਲਾ ਘਾਟ ਤ੍ਰਿਕੁਨੀਆ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਗੁਰਮਤਿ ਸਮਾਗਮ ਦੌਰਾਨ ਬਾਬਾ ਬਚਨ ਸਿੰਘ ਤੇ ਬਾਬਾ ਕਾਲਾ ਸਿੰਘ ਕਾਰਸੇਵਾ ਵਾਲਿਆਂ ਨੇ ਭਰਵਾਂ ਸਹਿਯੋਗ ਦਿੱਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਰਨੈਲ ਸਿੰਘ ਕੁਹਾੜਕਾ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ, ਜਦਕਿ ਕਥਾਵਾਚਕ ਗਿਆਨੀ ਬਲਦੇਵ ਸਿੰਘ ਪਾਉਂਟਾ ਸਾਹਿਬ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਬਾਰੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ।

ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਦੇਸ਼ ਭਰ ਵਿਚ ਕਰਵਾਏ ਜਾ ਰਹੇ ਵੱਖ-ਵੱਖ ਸਮਾਗਮਾਂ ਸਮੇਂ ਭਰਵੇਂ ਸਹਿਯੋਗ ਦੀ ਅਪੀਲ ਕੀਤੀ, ਉਥੇ ਹੀ 550ਵੇਂ ਪ੍ਰਕਾਸ਼ ਪੁਰਬ ਸਮੇਂ ਸੁਲਤਾਨਪੁਰ ਲੋਧੀ ਵਿਖੇ ਨਵੰਬਰ 2019 ਵਿਚ ਕਰਵਾਏ ਜਾਣ ਵਾਲੇ ਮੁੱਖ ਸਮਾਗਮਾਂ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪੁੱਜਣ ਦਾ ਸੱਦਾ ਵੀ ਦਿੱਤਾ। ਉਨ੍ਹਾਂ ਸਮਾਗਮ ਦੀ ਸਫਲਤਾ ਲਈ ਬਾਬਾ ਬਚਨ ਸਿੰਘ ਤੇ ਬਾਬਾ ਕਾਲਾ ਸਿੰਘ ਵੱਲੋਂ ਦਿੱਤੇ ਗਏ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਯੂ.ਪੀ. ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ, ਉੱਤਰਾਖੰਡ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਹਰਜਿੰਦਰ ਸਿੰਘ, ਕਵੀਸ਼ਰ ਭਾਈ ਸਤਨਾਮ ਸਿੰਘ, ਪ੍ਰਚਾਰਕ ਭਾਈ ਕਰਮ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਜਸਬੀਰ ਸਿੰਘ ਨੇ ਵੀ ਗੁਰ-ਇਤਿਹਾਸ ਅਤੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਸਮੇਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 161 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਮੋਹਨ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਚੰਨਣ ਸਿੰਘ ਪੀਲੀਭੀਤ ਵਾਲੇ, ਬਾਬਾ ਸਿਆਮ ਸਿੰਘ ਰੀਠਾ ਸਾਹਿਬ ਵਾਲੇ, ਬਾਬਾ ਬਲਬੀਰ ਸਿੰਘ ਬੜੂ ਸਾਹਿਬ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਪਿੰਡ ਬਪਰੋਰ ਵਿਖੇ ਕਰਵਾਇਆ ਗੁਰਮਤਿ ਸਮਾਗਮ



ਰਾਜਪੁਰਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ-ਪਿੰਡ ਸੰਗਤਾਂ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨਾਲ ਜੋੜਨ ਲਈ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਨੂੰ ਅੱਗੇ ਤੋਰਦਿਆਂ ਇਥੋਂ ਨੇੜਲੇ ਪਿੰਡ ਬਪਰੋਰ ਦੇ ਗੁਰਦੁਆਰਾ ਸਾਹਿਬ ਵਿਖੇ ਲੋਕਲ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਸੁਰਜੀਤ ਸਿੰਘ ਗੜ੍ਹੀ ਦੇ ਸਹਿਯੋਗ ਸਦਕਾ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਅੰਮ੍ਰਿਤ ਸੰਚਾਰ ਸਮੇਂ 48 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਸੰਗਤਾਂ ਨੂੰ ਅੰਮ੍ਰਿਤ ਛਕਾਉਣ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਤੋਂ ਪੰਜ ਪਿਆਰੇ ਸਾਹਿਬਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ।

ਸਮਾਗਮ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਦੇਵ ਸਿੰਘ ਓਗਰਾ, ਭਾਈ ਹਰਪ੍ਰੀਤ ਸਿੰਘ ਜੰਡਿਆਲਾ, ਭਾਈ ਪਰਵਿੰਦਰ ਸਿੰਘ ਬਰਾੜਾ ਤੇ ਢਾਡੀ ਭਾਈ ਸਤਪਾਲ ਸਿੰਘ ਨੇ ਸੰਗਤਾਂ ਨੂੰ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਸਰਵਣ ਕਰਵਾਇਆ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਅਤੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਕਰਨੈਲ ਸਿੰਘ ਨਾਭਾ ਵੱਲੋਂ ਪਟਿਆਲਾ ਦੇ ਆਸ-ਪਾਸ ਦੇ ਪਿੰਡਾਂ, ਨਗਰਾਂ ਵਿਚ ਸੰਗਤਾਂ ਨੂੰ ਗੁਰਮਤਿ ਸਮਾਗਮਾਂ ਰਾਹੀਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਇਹ ਵੀ ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਹ ਵਰ੍ਹਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦੀ ਅਰਧ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ ਹੈ ਜਿਸ ਤਹਿਤ ਹੁਣ ਤੀਕ ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਸਾਹਿਬ ਦੇ ਲੜ ਲਗਾਇਆ ਗਿਆ ਹੈ। ਇਨ੍ਹਾਂ ਕਰਵਾਏ ਜਾਂਦੇ ਗੁਰਮਤਿ ਸਮਾਗਮਾਂ ਅਤੇ ਅੰਮ੍ਰਿਤ ਸੰਚਾਰ ਸਮਾਗਮਾਂ ਦੀ ਸਫਲਤਾ ਲਈ ਸ਼੍ਰੋਮਣੀ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ ਅਤੇ ਪ੍ਰਚਾਰਕਾਂ ਵੱਲੋਂ ਵਿਸ਼ਸ਼ ਉਦਮ ਕੀਤੇ ਜਾ ਰਹੇ ਹਨ।

# ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ ਦਾ ਨਤੀਜਾ ਜਾਰੀ



ਅੰਮ੍ਰਿਤਸਰ-ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਵਿਦਿਆਰਥੀਆਂ ਨੂੰ ਸਿੱਖ ਧਰਮ ਸਬੰਧੀ ਜਾਣਕਾਰੀ ਦੇਣ ਲਈ ਸਕੂਲਾਂ/ਕਾਲਜਾਂ ਵਿਚ ਲਈ ਜਾਂਦੀ ਧਾਰਮਿਕ ਪ੍ਰੀਖਿਆ ਦਾ ਨਤੀਜਾ ਜਾਰੀ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਨਤੀਜਾ ਜਾਰੀ ਕਰਨ ਮਗਰੋਂ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਵੱਡੀ ਗਿਣਤੀ ਵਿਚ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ, ਜਿਸ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਵਜੀਫਾ ਰਾਸ਼ੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਨਵੰਬਰ 2018 ਅਤੇ ਜਨਵਰੀ 2019 ਵਿਚ ਵੱਖ-ਵੱਖ ਦਰਜਿਆਂ ਦੀ ਲਈ ਗਈ ਇਸ ਪ੍ਰੀਖਿਆ ਦੌਰਾਨ 53034 ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚੋਂ ਪਹਿਲੇ ਦਰਜੇ ਦੇ 259, ਦੂਜੇ ਦਰਜੇ ਦੇ 913, ਤੀਜੇ ਦਰਜੇ ਦੇ 32 ਅਤੇ ਚੌਥੇ ਦਰਜੇ ਦੇ 32 ਵਿਦਿਆਰਥੀਆਂ (ਕੁਲ 1236 ਵਿਦਿਆਰਥੀਆਂ) ਨੇ ਵਜੀਫਾ ਪ੍ਰਾਪਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਵਿੱਚੋਂ ਪਹਿਲੇ ਦਰਜੇ ਵਾਲੇ ਵਿਦਿਆਰਥੀਆਂ ਨੂੰ 1100 ਰੁਪਏ, ਦੂਜੇ ਦਰਜੇ ਨੂੰ 2100, ਤੀਜੇ ਦਰਜੇ ਨੂੰ 3100 ਅਤੇ ਚੌਥੇ ਦਰਜੇ 4100 ਰੁਪਏ ਜਾਣਗੇ। ਇਸ ਤੋਂ ਇਲਾਵਾ ਹਰੇਕ ਦਰਜੇ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 5100, 4100 ਅਤੇ 3100 ਰੁਪਏ ਵਿਸ਼ੇਸ਼ ਸਨਮਾਨ ਵਜੋਂ ਦਿੱਤੇ ਜਾਣਗੇ। ਇਸ ਦੇ ਨਾਲ ਹੀ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ 2100-2100 ਰੁਪਏ ਦੀ ਵਿਸ਼ੇਸ਼ ਇਨਾਮੀ ਰਾਸ਼ੀ ਪ੍ਰਦਾਨ ਕੀਤੀ ਜਾਵੇਗੀ ਅਤੇ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲਿਆਂ ਨੂੰ ਮੈਡਲ ਦਿੱਤੇ ਜਾਣਗੇ। ਇਸ ਮੌਕੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਧਾਰਮਿਕ ਪ੍ਰੀਖਿਆ ਵਿਭਾਗ ਦੇ ਇੰਚਾਰਜ ਸ. ਸੁਖਦੇਵ ਸਿੰਘ ਸਮੇਤ ਹੋਰ ਹਾਜ਼ਰ ਸਨ।

ਸਫ਼ਾ 1 ਦਾ ਬਾਕੀ...

## ਦਰਬਾਰ ਹਾਲ ਦੀ ਇਮਾਰਤ...

ਨਹੀਂ ਹੱਟਦਾ। ਸਮਾਗਮ ਵਿਚ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਵੀ ਆਪਣੀ ਹਾਜ਼ਰੀ ਲਗਵਾਈ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਵਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਬਾਬਾ ਅਮਰੀਕ ਸਿੰਘ ਕਾਰਸੇਵਾ ਵਾਲਿਆਂ ਵੱਲੋਂ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਦਾ ਜਾਪ ਕਰਵਾਇਆ ਗਿਆ। ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਚਰਨ ਸਿੰਘ ਆਲਮਗੀਰ ਤੇ ਸ. ਹਰਪਾਲ ਸਿੰਘ ਜੱਲ੍ਹਾ, ਬਾਬਾ ਹਰਭਿੰਦਰ ਸਿੰਘ ਕਾਰਸੇਵਾ ਵਾਲਿਆਂ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਭਾਈ ਸਰਬਜੀਤ ਸਿੰਘ ਢੋਟੀਆ ਨੇ ਨਿਭਾਈ। ਇਸ ਮੌਕੇ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਸਮਾਗਮ 'ਚ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਜੀਤ ਸਿੰਘ ਤਲਵੰਡੀ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪ੍ਰਿਤਪਾਲ ਸਿੰਘ ਪਾਲੀ, ਬੀਬੀ ਸੁਖਵਿੰਦਰ ਕੌਰ, ਸ. ਕੰਵਲਇੰਦਰ ਸਿੰਘ ਠੇਕੇਦਾਰ, ਸ. ਕੇਵਲ ਸਿੰਘ ਬਾਦਲ ਤੇ ਸ. ਗੁਰਚਰਨ ਸਿੰਘ ਗਰੇਵਾਲ, ਸ. ਮਹੇਸ਼ਇੰਦਰ ਸਿੰਘ ਗਰੇਵਾਲ ਸਾਬਕਾ ਮੰਤਰੀ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਦਰਸ਼ਨ ਸਿੰਘ, ਸ. ਜਗਬੀਰ ਸਿੰਘ ਸੋਖੀ, ਸ. ਗੁਰਦੀਪ ਸਿੰਘ, ਸ. ਹਰਭਜਨ ਸਿੰਘ ਡੰਗ, ਸ. ਗੁਰਮੇਲ ਸਿੰਘ ਸੰਗੋਵਾਲ, ਸ. ਗੁਰਸੇਵਕ ਸਿੰਘ ਮੈਨੇਜਰ ਫ਼ਤਹਿਗੜ੍ਹ ਸਾਹਿਬ, ਸ. ਕਰਨੈਲ ਸਿੰਘ ਮੈਨੇਜਰ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਸ. ਅਜਵਿੰਦਰ ਸਿੰਘ ਰਾੜਾ ਸਾਹਿਬ, ਸ. ਸੁਰਿੰਦਰ ਸਿੰਘ ਚੌਹਾਨ, ਸ. ਗੁਰਦੀਪ ਸਿੰਘ, ਸ. ਗੁਰਮੀਤ ਸਿੰਘ ਮੀਤ ਮੈਨੇਜਰ ਆਲਮਗੀਰ, ਸ. ਭੁਪਿੰਦਰ ਸਿੰਘ ਨਾਗੋਕੇ, ਸ. ਗੁਰਾ ਸਿੰਘ, ਸ. ਦਿਲਬਾਗ ਸਿੰਘ ਫਗਵਾੜਾ, ਸ. ਕੰਵਲਜੀਤ ਸਿੰਘ ਰਾਏਕੋਟ, ਸ. ਰਜਿੰਦਰ ਸਿੰਘ ਟਿਵਾਣਾ, ਹੈੱਡ ਗ੍ਰੰਥੀ ਭਾਈ ਪ੍ਰਣਾਮ ਸਿੰਘ, ਸ. ਰੇਸ਼ਮ ਸਿੰਘ ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਆਲਮਗੀਰ, ਹੈੱਡ ਗ੍ਰੰਥੀ ਭਾਈ ਬਲਵਿੰਦਰ ਸਿੰਘ, ਸ. ਨਰਿੰਦਰ ਸਿੰਘ ਸੋਹਲ, ਸ. ਗੁਰਚਰਨ ਸਿੰਘ ਅਕਾਊਂਟੈਂਟ, ਸ. ਜਗਜੀਤ ਸਿੰਘ ਸਟੋਰਕੀਪਰ, ਸ. ਮਨਪ੍ਰੀਤ ਸਿੰਘ ਖ਼ਜ਼ਾਨਚੀ, ਸ. ਤਲਵਿੰਦਰ ਸਿੰਘ ਰੀਕਾਰਡ ਕੀਪਰ, ਸ. ਅਜੈਪਾਲ ਸਿੰਘ ਗਰੇਵਾਲ, ਸ. ਹਰਮਿੰਦਰ ਸਿੰਘ ਗਿਆਸਪੁਰਾ ਤੇ ਸਮੁੱਚੀ ਪੰਚਾਇਤ ਆਲਮਗੀਰ ਸਾਹਿਬ ਆਦਿ ਮੌਜੂਦ ਸਨ।

ਸਮਾਗਮ ਦੀ ਸਮਾਪਤੀ ਮੌਕੇ ਬਾਬਾ ਇੰਦਰ ਸਿੰਘ, ਬਾਬਾ ਸੁਬੇਗ ਸਿੰਘ, ਜਥੇਦਾਰ ਸੁੱਖਾ ਸਿੰਘ ਭੂਰੀ ਵਾਲੇ, ਬਾਬਾ ਦਰਸ਼ਨ ਸਿੰਘ, ਸ. ਕੁਲਵੰਤ ਸਿੰਘ, ਸ. ਦਰਸ਼ਨ ਸਿੰਘ ਬੁਢਲਾਡਾ, ਸ. ਕਾਲਾ ਸਿੰਘ, ਬਾਬਾ ਜੋਗਾ ਸਿੰਘ, ਬਾਬਾ ਜਸਵੰਤ ਸਿੰਘ ਨਾਨਕਸਰ ਵਾਲੇ, ਬਾਬਾ ਗੁਰਦੀਪ ਸਿੰਘ, ਗਿਆਨੀ ਅਮੀਰ ਸਿੰਘ ਜਵੱਦੀ ਟਕਸਾਲ ਵਾਲਿਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਲੰਗਰ ਕਮੇਟੀ ਆਲਮਗੀਰ ਸਾਹਿਬ ਅਤੇ ਹੋਰ ਸਭਾ ਸੁਸਾਇਟੀ ਨੇ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਕਾਰ ਸੇਵਾ ਵਾਲੇ ਮਹਾਂਪੁਰਖਾਂ ਦਾ ਸਨਮਾਨ ਕੀਤਾ।

# ਪਿੰਡ ਭੁੰਦੜਭੈਣੀ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਮੂਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਪ੍ਰਚਾਰ ਮੁਹਿੰਮ ਤਹਿਤ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਦੇ ਉਦਮ ਸਦਕਾ ਹਲਕਾ ਮੂਨਕ ਦੇ ਪਿੰਡ ਭੁੰਦੜਭੈਣੀ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿਚ 60 ਦੇ ਕਰੀਬ ਨੌਜਵਾਨਾਂ, ਬੱਚਿਆਂ ਤੇ ਬੀਬੀਆਂ ਨੇ ਭਾਗ ਲਿਆ। ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵਕ ਸਿੰਘ ਘਰਾਚੋਂ ਨੇ ਭਾਗ ਲੈਣ ਵਾਲਿਆਂ ਨੂੰ ਗੁਰਬਾਣੀ ਸੰਥਿਆ ਕਰਵਾਈ ਅਤੇ ਸਿੱਖ ਰਹਿਤ ਮਰਯਾਦਾ ਬਾਰੇ ਵੀ ਜਾਣਕਾਰੀ ਦਿੱਤੀ। ਗੁਰਦੁਆਰਾ ਧਮਤਾਨ ਸਾਹਿਬ ਤੋਂ ਆਏ ਭਾਈ ਅਮਰਜੀਤ ਸਿੰਘ ਨੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ।

ਕੈਂਪ ਦੀ ਸੰਪੂਰਨਤਾ ਸਮੇਂ ਸੁੰਦਰ ਦਸਤਾਰ ਮੁਕਾਬਲੇ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਪ੍ਰਤੀ ਬੱਚਿਆਂ ਅਤੇ ਵੱਡਿਆਂ ਅੰਦਰ ਵਿਸ਼ੇਸ਼ ਰੁਚੀ ਦੇਣ ਨੂੰ ਮਿਲੀ। ਇਸ ਸਮੇਂ ਜੇਤੂ ਬੱਚਿਆਂ ਨੂੰ ਜਥੇ. ਰਾਮਪਾਲ ਸਿੰਘ ਬਹਿਣੀਵਾਲ ਵੱਲੋਂ ਵਿਸ਼ੇਸ਼ ਇਨਾਮ ਤਕਸੀਮ ਕੀਤੇ ਗਏ। ਆਪਣੇ ਸੰਬੋਧਨ ਵਿਚ ਜਥੇ. ਬਹਿਣੀਵਾਲ ਨੇ ਕੈਂਪ ਦੀ ਸਫਲਤਾ ਲਈ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪਾਂ ਰਾਹੀਂ ਪਿੰਡ ਪੱਧਰ ਤਕ ਨੌਜਵਾਨਾਂ ਤੇ ਬੱਚਿਆਂ ਤਕ ਪਹੁੰਚ ਕਰ ਕੇ ਉਨ੍ਹਾਂ ਨੂੰ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਚੰਗੇ ਸਮਾਜ ਦੀ ਸਿਰਜਣਾ ਲਈ ਗੁਰਮਤਿ ਦੀ ਰੌਸ਼ਨੀ ਵਿਚ ਤਿਆਰ ਕੀਤਾ ਜਾਂਦਾ ਹੈ। ਇਸ ਸਮੇਂ ਸਮੂਹ ਪ੍ਰਬੰਧਕ ਸਾਹਿਬਾਨ, ਸ. ਰਣਜੀਤ ਸਿੰਘ, ਸ. ਜਗਸੀਰ ਸਿੰਘ, ਸ. ਰਣਵੀਰ ਸਿੰਘ, ਸ. ਰਣਜੀਤ ਸਿੰਘ, ਸ. ਮੇਜਰ ਸਿੰਘ, ਸ. ਹਰਦੀਪ ਸਿੰਘ ਮਕਰੋੜ, ਸ. ਛੱਜੂ ਸਿੰਘ ਧਾਲੀਵਾਲ ਅਤੇ ਭਾਈ ਬਲਕਾਰ ਸਿੰਘ ਵੱਲੋਂ ਕੈਂਪ ਦੀ ਸਫਲਤਾ ਲਈ ਸਹਿਯੋਗ ਕੀਤਾ ਗਿਆ। ਇਸ ਮੌਕੇ ਪਿੰਡ ਦੀਆਂ ਸੰਗਤਾਂ ਨੇ ਕੈਂਪ ਲਈ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਵੀ ਕੀਤਾ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ



ਬਟਾਲਾ- ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸ੍ਰੀ ਓਠੀਆ ਸਾਹਿਬ ਧਰਮ ਕੋਟ ਵਿਖੇ ਪੰਚਮ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਰਣਜੀਤ ਸਿੰਘ, ਢਾਡੀ ਭਾਈ ਸ਼ਮਸ਼ੇਰ ਸਿੰਘ, ਕਵੀਸ਼ਰ ਭਾਈ ਰਣਜੋਧ ਸਿੰਘ, ਪ੍ਰਚਾਰਕ ਭਾਈ ਕੁਲਬੀਰ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਪੰਜ ਪਿਆਰੇ ਸਾਹਿਬਾਨ ਦਾ ਸਨਮਾਨ ਕਰਦਿਆਂ ਅੰਮ੍ਰਿਤਧਾਰੀ ਬਣੀਆਂ ਸੰਗਤਾਂ ਨੂੰ ਵਧਾਈ ਦਿੱਤੀ। ਇਸ ਮੌਕੇ ਭਾਈ ਰਣਜੀਤ ਸਿੰਘ ਵੜੈਚ ਪ੍ਰਚਾਰਕ, ਮੈਨੇਜਰ ਸ. ਮਨਜੀਤ ਸਿੰਘ ਜੌੜਾ ਸਿੰਘਾ, ਸ. ਦਵਿੰਦਰ ਸਿੰਘ ਲਾਲੀ, ਚੇਅ: ਸੰਤੋਖ ਸਿੰਘ ਦਮੋਦਰ, ਸ. ਅਮਰੀਕ ਸਿੰਘ ਬਾਲੇਵਾਲ, ਸ. ਪਾਲ ਸਿੰਘ ਹਰਦੋਝੰਡੇ, ਸ. ਕੁਲਵੰਤ ਸਿੰਘ ਐਮ.ਸੀ., ਸ. ਹੰਸਪਾਲ ਸਿੰਘ ਪ੍ਰਧਾਨ, ਸ. ਰਜਿੰਦਰ ਸਿੰਘ ਪ੍ਰਧਾਨ, ਸ. ਹਰਦੇਵ ਸਿੰਘ ਸਰਪੰਚ, ਸ. ਹਰਭਜਨ ਸਿੰਘ ਸੈਦਪੁਰਾ, ਸ. ਹਰਚਰਨ ਸਿੰਘ ਹਸਨਪੁਰ, ਸ. ਬੁੱਧ ਸਿੰਘ ਸ਼ੰਕਰਪੁਰਾ, ਸ. ਰਣਜੀਤ ਸਿੰਘ ਸ਼ੰਕਰਪੁਰਾ, ਸ. ਅਮਰੀਕ ਸਿੰਘ ਮੂਲਿਆਂਵਾਲ, ਸ. ਪ੍ਰਿਤਪਾਲ ਸਿੰਘ ਕੋਟ ਕਰਮ ਚੰਦ, ਇੰਸਪੈਕਟਰ ਯਾਦਵਿੰਦਰ ਸਿੰਘ, ਸ. ਗੁਰਦੇਵ ਸਿੰਘ ਕੋਟਲੀ, ਸ. ਗੁਲਜਾਰ ਸਿੰਘ ਗੱਜੂਗਾਜ, ਸ. ਜਗਜੀਤ ਸਿੰਘ ਹਰਦੋਝੰਡੇ ਆਦਿ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਓਠੀਆਂ ਸਾਹਿਬ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁੰਦਰ ਦਸਤਾਰ ਮੁਕਾਬਲੇ ਪੰਚਮ ਪਾਤਸ਼ਾਹ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਓਠੀਆਂ ਸਾਹਿਬ ਵਿਖੇ ਕਰਵਾਏ ਗਏ। ਇਸ ਤੋਂ ਪਹਿਲਾਂ ਅੰਤਰਰਾਸ਼ਟਰੀ ਕੋਚ ਸ. ਗੁਰਪ੍ਰੀਤ ਸਿੰਘ ਸੋਹਲ ਡੇਰਾ ਬਾਬਾ ਨਾਨਕ ਅਤੇ ਬਾਬਾ ਫਤਹਿ ਸਿੰਘ ਦਸਤਾਰ ਸਿਖਲਾਈ ਸੰਸਥਾ ਦੇ ਸਹਿਯੋਗ ਨਾਲ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ, ਜਿਸ ਦੀ ਸਮਾਪਤੀ ਮੌਕੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਭਾਗ ਲੈਣ ਵਾਲੇ ਅਤੇ ਜੇਤੂ ਰਹੇ ਨੌਜਵਾਨਾਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਸੱਜਣ ਸਿੰਘ ਬੱਜੂਮਾਨ ਨੇ ਸਨਮਾਨਿਤ ਕੀਤਾ।

ਇਸ ਮੌਕੇ ਹਾਜ਼ਰ ਸ. ਮਨਜੀਤ ਸਿੰਘ ਜੌੜਾ ਸਿੰਘਾ, ਸੰਸਥਾ ਦੇ ਮੈਂਬਰ ਸ. ਜਤਿੰਦਰ ਸਿੰਘ, ਸ. ਹਰਕੋਮਲ ਸਿੰਘ ਸੰਧੂ, ਸ. ਸੁਰਜਨ ਸਿੰਘ, ਸ. ਮਨਜੀਤ ਸਿੰਘ, ਸ. ਕੁਲਦੀਪ ਸਿੰਘ, ਸ. ਮਨਜੋਤ ਸਿੰਘ, ਸ. ਸਰਵਨ ਸਿੰਘ, ਸ. ਜਗਜੀਤ ਸਿੰਘ, ਪ੍ਰਚਾਰਕ ਸ. ਰਣਜੀਤ ਸਿੰਘ ਵੜੈਚ, ਸ. ਦਵਿੰਦਰ ਸਿੰਘ ਲਾਲੀ ਅਕਾਊਂਟੈਂਟ, ਸ. ਹਰਚਰਨ ਸਿੰਘ ਹਸਨਪੁਰ, ਸ. ਸੁਖਪਾਲ ਸਿੰਘ ਧੌਲਪੁਰ, ਸ. ਅਮਰੀਕ ਸਿੰਘ ਬਾਲੇਵਾਲ, ਸ. ਕਰਨੈਲ ਸਿੰਘ ਭਾਗੋਵਾਲ, ਸ. ਦਲਬੀਰ ਸਿੰਘ ਭਾਗੋਵਾਲ, ਸ. ਕੁਲਬੀਰ ਸਿੰਘ ਪ੍ਰਚਾਰਕ, ਸ. ਰਣਜੋਧ ਸਿੰਘ ਖੋਦੇਬਾਂਗਰ, ਭਾਈ ਸਮਸ਼ੇਰ ਸਿੰਘ ਢਾਡੀ ਮਿਸ਼ਰਪੁਰਾ, ਸ. ਕੁਲਵੰਤ ਸਿੰਘ ਬਟਾਲਾ, ਸ. ਹਰਬੰਸ ਸਿੰਘ ਹੰਸਪਾਲ, ਸ. ਰਜਿੰਦਰ ਸਿੰਘ ਪਦਮ, ਸ. ਸਤਨਾਮ ਸਿੰਘ ਪ੍ਰਧਾਨ, ਪ੍ਰਿੰ. ਗੁਰਮੀਤ ਸਿੰਘ ਮਾਨ ਨਗਰ, ਸ. ਪ੍ਰਿਤਪਾਲ ਸਿੰਘ ਸੋਨੀ, ਸ. ਸਰਦੂਲ ਸਿੰਘ, ਸ. ਬਲਵਿੰਦਰ ਸਿੰਘ ਬੰਬ, ਸ. ਅਮਰੀਕ ਸਿੰਘ ਮੂਲਿਆਂਵਾਲ, ਸ. ਅਮਰੀਕ ਸਿੰਘ, ਸ. ਗੋਬਿੰਦ ਸਿੰਘ ਬੱਜੂਮਾਨ ਆਦਿ ਹਾਜ਼ਰ ਸਨ।

# ਇਤਿਹਾਸ ’ਚ ਸ਼ਹੀਦਾਂ ਦੀ ਸ਼ਹਾਦਤ ਬੇਮਿਸਾਲ ਤੇ ਪ੍ਰੇਰਨਾ ਸਰੋਤ -ਭਾਈ ਲੌਂਗੋਵਾਲ

## ਅਮਰ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਯਾਦਗਾਰੀ ਗੇਟ ਦਾ ਰੱਖਿਆ ਨੀਂਹ ਪੱਥਰ



ਪਟਿਆਲਾ- ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਅਮਰ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਨੂੰ ਸਮਰਪਿਤ 3 ਯਾਦਗਾਰੀ ਗੇਟ ਦਾ ਨੀਂਹ ਪੱਥਰ ਹੈਡ ਗ੍ਰੰਥੀ ਭਾਈ ਪ੍ਰਣਾਮ ਸਿੰਘ ਵੱਲੋਂ ਅਰਦਾਸ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਕਰ-ਕਮਲਾਂ ਨਾਲ ਰੱਖਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅਮਰ ਸ਼ਹੀਦਾਂ ਦੀ ਯਾਦ ਵਿਚ ਬਣਨ ਵਾਲੇ ਤਿੰਨ ਯਾਦਗਾਰੀ ਗੇਟਾਂ ਨੂੰ ਬਣਾਉਣ ਦੀ ਸੇਵਾ ਬਾਬਾ ਅਮਰੀਕ ਸਿੰਘ ਤੇ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਨੂੰ ਸਿਰੋਪਾਓ ਦੀ ਬਖ਼ਸ਼ਿਸ਼ ਕਰ ਕੇ ਜ਼ਿੰਮੇਵਾਰੀ ਸੌਂਪੀ। ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ’ਚ ਸ਼ਹੀਦਾਂ ਦੀ ਲਾਸਾਨੀ ਸ਼ਹਾਦਤ ਹਮੇਸ਼ਾ ਸਾਰਿਆਂ ਲਈ ਪ੍ਰੇਰਨਾ ਸਰੋਤ ਰਹੀ ਹੈ। ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ। ਉਨ੍ਹਾਂ ਨੂੰ ਰਹਿੰਦੀ ਦੁਨੀਆਂ ਤਕ ਅਣਡਿੱਠ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ’ਚ ਸ਼ਹਾਦਤਾਂ ਹਮੇਸ਼ਾ ਸਾਰਿਆਂ ਨੂੰ ਅਡਿੱਗ ਅਤੇ ਅਡੋਲ ਰਹਿਣ ਦੀ ਪ੍ਰੇਰਨਾ ਦਿੰਦੀਆਂ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਪਹਿਲਾਂ ਅਮਰ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਨੇ ਆਪਣੇ-ਆਪ ਸ਼ਹਾਦਤ ਲਈ ਪੇਸ਼ ਕਰ ਕੇ ਧਰਮ ਪ੍ਰਤੀ ਦ੍ਰਿੜ੍ਹਤਾ ਅਤੇ ਪਿਆਰ ਦੀ ਮਿਸਾਲ ਪੇਸ਼ ਕੀਤੀ ਸੀ, ਜੋ ਦੁਨੀਆਂ ਦੇ ਇਤਿਹਾਸ ਵਿਚ ਸ਼ਹੀਦਾਂ ਦੀ ਬੇਮਿਸਾਲ ਸ਼ਹਾਦਤ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਧਰਮ ਮਹਾਨ ਧਰਮ ਹੈ, ਜੋ ਮਨੁੱਖਤਾ ਨੂੰ ਅਸਲੀ ਜੀਵਨ-ਜਾਚ ਸਿਖਾਉਂਦਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰਦੁਆਰਾ ਸਾਹਿਬ ਵਿਚ ਮੁਲਾਜ਼ਮਾਂ ਦੀ ਸਹੂਲਤ ਲਈ 52 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰਿਹਾਇਸ਼ੀ ਕੁਆਰਟਰਾਂ ਦਾ ਨੀਂਹ-ਪੱਥਰ ਰੱਖਿਆ ਗਿਆ।

ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇ. ਜਰਨੈਲ ਸਿੰਘ ਕਰਤਾਰਪੁਰ, ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਸ. ਸ਼ਵਿੰਦਰ ਸਿੰਘ ਸੱਭਰਵਾਲ, ਸ. ਜਸਮੇਲ ਸਿੰਘ ਲਾਛੜੂ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਸ. ਨਵਇੰਦਰ ਸਿੰਘ ਲੌਂਗੋਵਾਲ, ਨਿੱਜੀ ਸਹਾਇਕ ਸ. ਦਰਸ਼ਨ ਸਿੰਘ, ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਕਰਨੈਲ ਸਿੰਘ ਨਾਭਾ, ਐਡੀ: ਮੈਨੇਜਰ ਸ. ਜੋਗਾ ਸਿੰਘ, ਮੈਨੇਜਰ ਸ. ਕਮਲਜੀਤ ਸਿੰਘ ਜੋਗੀਪੁਰ, ਸਾਬਕਾ ਮੈਂਬਰ ਬੀਬੀ ਕਮਲੇਸ਼ ਕੌਰ, ਡਾਇਰੈਕਟਰ ਸ. ਜਤਿੰਦਰ ਸਿੰਘ ਸਿੱਧੂ, ਸ. ਲਖਵੀਰ ਸਿੰਘ ਲੋਟ ਅਤੇ ਸ. ਨਰਦੇਵ ਸਿੰਘ ਆਕੜੀ ਆਦਿ ਹਾਜ਼ਰ ਸਨ।

# ਪਿੰਡ ਲਾਡ ਵਣਜਾਰਾ ਖੁਰਦ ਹਲਕਾ ਦਿੜ੍ਹਬਾ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਦਿੜ੍ਹਬਾ 19 ਅਪ੍ਰੈਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਤੇ ਭਾਈ ਹਰਦੇਵ ਸਿੰਘ ਰੋਗਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦੀ ਅਗਵਾਈ ਦੇ ਹੇਠ ਹਲਕਾ ਦਿੜ੍ਹਬਾ ਦੇ ਪਿੰਡ ਲਾਡ ਵਣਜਾਰਾ ਖੁਰਦ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ 50 ਨੌਜਵਾਨਾ, ਬੱਚਿਆਂ ਅਤੇ ਬੀਬੀਆਂ ਨੇ ਭਾਗ ਲਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ। ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ।

ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੁੰਦਰ ਦਸਤਾਰ ਤੇ ਧਾਰਮਿਕ ਮੁਕਾਬਲੇ ਕਰਵਾਏ ਗਏ। ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ਼ ਇਨਾਮ ਦਿੱਤੇ। ਜਥੇਦਾਰ ਬਹਿਣੀਵਾਲ ਨੇ ਗੁਰਮਤਿ ਕੈਂਪ ਵਿਚ ਸ਼ਾਮਲ ਹੋਣ ਵਾਲੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕਰਦਿਆਂ ਸੰਗਤਾਂ ਨੂੰ ਗੁਰਮਤਿ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਭਾਈ ਤਰਸੇਮ ਸਿੰਘ ਦੁਗਾਲ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ। ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ। ਇਸ ਮੌਕੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕ ਸਹਿਬਾਨ ਅਤੇ ਗੁਰੂ ਕੇ ਵਜ਼ੀਰ ਭਾਈ ਨਿਰਮਲ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਧਾਰਮਿਕ ਮੁਕਾਬਲਿਆਂ ਦੇ ਜੇਤੂ ਬੱਚੇ ਸਨਮਾਨਿਤ

ਸੁਲਤਾਨਵਿੰਡ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਸੁਲਤਾਨਵਿੰਡ ਸਥਿਤ ਛੇਵੀਂ ਪਾਤਸ਼ਾਹੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਅਟਾਰੀ ਸਾਹਿਬ ਵਿਖੇ ਬੱਚਿਆਂ ਦੇ ਧਾਰਮਿਕ ਪ੍ਰਸ਼ਨੋਤਰੀ ਮੁਕਾਬਲੇ ਸ. ਹਰਜਾਪ ਸਿੰਘ ਸੁਲਤਾਨਵਿੰਡ ਮੈਂਬਰ ਸ਼੍ਰੋਮਣੀ ਕਮੇਟੀ ਦੇ ਉਦਮ ਨਾਲ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਹਲਕਾ ਇੰਚਾਰਜ ਸ. ਤਲਬੀਰ ਸਿੰਘ ਗਿੱਲ, ਸ਼੍ਰੋਮਣੀ ਕਮੇਟੀ ਮੈਂਬਰ ਸ. ਬਾਵਾ ਸਿੰਘ ਗੁਮਾਨਪੁਰਾ ਤੇ ਭਾਈ ਰਾਮ ਸਿੰਘ ਵੱਲੋਂ ਸਨਮਾਨਿਤ ਕੀਤਾ ਗਿਆ।

ਸਮਾਗਮ ਦੌਰਾਨ ਸੁਲਤਾਨਵਿੰਡ ਦੇ ਵੱਖ-ਵੱਖ ਇਲਾਕਿਆਂ ਨਾਲ ਸਬੰਧਤ 95 ਦੇ ਕਰੀਬ ਛੋਟੇ ਬੱਚਿਆਂ ਨੂੰ ਅੰਮ੍ਰਿਤ ਛਕਾਇਆ ਗਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਭਿਆਨਕ ਦੌਰ ਵਿਚ ਨੌਜਵਾਨ ਪੀੜ੍ਹੀ ਪਤਿਤਪੁਣੇ ਵਿਚ ਗ਼ਲਤਾਨ ਹੋ ਰਹੀ ਹੈ, ਜਿਸ ਕਰਕੇ ਸਾਰੇ ਸਿੱਖ ਸੰਗਠਨਾਂ ਨੂੰ ਵੱਧ ਤੋਂ ਵੱਧ ਸਿੱਖੀ ਦਾ ਪ੍ਰਚਾਰ ਕਰ ਕੇ ਬੱਚਿਆਂ ਨੂੰ ਸਿੱਖੀ ਵੱਲ ਮੋੜਨਾ ਚਾਹੀਦਾ ਹੈ।

ਇਸ ਮੌਕੇ ਸ. ਪੂਰਨ ਸਿੰਘ, ਰਸੀਵਰ ਸ. ਬਲਦੇਵ ਸਿੰਘ, ਨੰਬਰਦਾਰ ਸ. ਜਸਬੀਰ ਸਿੰਘ ਮਾਹਲ, ਸ. ਇੰਦਰਜੀਤ ਸਿੰਘ, ਸ. ਜਰਮਨਜੀਤ ਸਿੰਘ, ਸ. ਅਮਰ ਸਿੰਘ, ਡਾ. ਗੁਰਿੰਦਰ ਸਿੰਘ, ਸ. ਮਲਕੀਤ ਸਿੰਘ, ਬੀਬੀ ਅਮਨਪ੍ਰੀਤ ਕੌਰ, ਸ. ਸ਼ਮਸ਼ੇਰ ਸਿੰਘ ਸ਼ੇਰਾ, ਸ. ਅੰਮ੍ਰਿਤਪਾਲ ਸਿੰਘ, ਗ੍ਰੰਥੀ ਭਾਈ ਵਿਜੇਪਾਲ ਸਿੰਘ, ਸ. ਕੁਲਰਾਜ ਸਿੰਘ, ਸ. ਨਿਰਵੈਲ ਸਿੰਘ, ਸ. ਸੁਖਵਿੰਦਰ ਸਿੰਘ, ਸ. ਹਰਬੰਸ ਸਿੰਘ ਮਾਹਲ, ਸ. ਜਸਬੀਰ ਸਿੰਘ ਖਡੂਰੀਆ ਆਦਿ ਹਾਜ਼ਰ ਸਨ।



## 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ



ਸੁਲਾਨਪੁਰ ਲੋਧੀ- ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਮਾਝਾ ਜ਼ੋਨ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਾੜਾ ਜੋਧ ਸਿੰਘ ਵਿਖੇ ਧਾਰਮਿਕ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਵਿਚ 7ਵੀਂ ਜਮਾਤ ਤੋਂ ਲੈ ਕੇ 12ਵੀਂ ਤਕ ਦੀਆਂ ਲੜਕੀਆਂ ਲਈ ਸ਼ਖਸੀਅਤ ਉਸਾਰੀ, ਜ਼ਿੰਮੇਵਾਰੀ ਦੀ ਚੇਤੰਨਤਾ ਅਤੇ ਦਰਵੇਸ਼ ਚੁਣੌਤੀਆਂ ਦੇ ਸਬੰਧ ਵਿਚ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ ਪ੍ਰਚਾਰਕ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਨੇ ਸਿੱਖ ਬੀਬੀਆਂ ਦੇ ਪਾਵਨ ਜੀਵਨ ਅਤੇ ਗੁਰਮਤਿ ਵਿਚਾਰਾਂ ਸਬੰਧੀ ਖੋਜ ਭਰਪੂਰ ਜਾਣਕਾਰੀ ਦਿੱਤੀ ਅਤੇ ਸ਼ਖਸੀਅਤ ਉਸਾਰੀ ਲਈ ਗੁਰਮਤਿ ਵਿਚਾਰਧਾਰਾ ਨੂੰ ਆਧਾਰ ਬਣਾਉਣ ਅਤੇ ਜ਼ਿੰਮੇਵਾਰੀ ਦੀ ਚੇਤੰਨਤਾ ਵਿਚ ਆਪਣੇ ਫਰਜ਼ ਨਿਭਾਉਣ ਦੀ ਪ੍ਰੇਰਣਾ ਕੀਤੀ।

ਇਸ ਦੌਰਾਨ ਬੱਚੀਆਂ ਨੇ ਰੋਜ਼ਾਨਾ ਜਪੁਜੀ ਸਾਹਿਬ ਦਾ ਪਾਠ ਕਰਨ ਅਤੇ ਅਰਥ ਵਿਚਾਰਨ ਤੇ ਆਪਣੇ ਘਰਾਂ ਤੇ ਖੇਤਾਂ ਵਿਚ ਬੂਟੇ ਲਾਉਣ ਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਦਾ ਵੀ ਪ੍ਰਣ ਕੀਤਾ। ਬੱਚੀਆਂ ਨੂੰ ਧਾਰਮਿਕ ਲਿਟਰੇਚਰ ਵੰਡਿਆ ਗਿਆ ਅਤੇ ਸਵਾਲ-ਜਵਾਬ ਕਰਨ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸ. ਸੁਰਜੀਤ ਸਿੰਘ ਸਕੂਲ ਦੇ ਐਮ.ਡੀ. ਅਤੇ ਮੈਡਮ ਨੀਰਜ ਸੰਧੂ ਪ੍ਰਿੰਸੀਪਲ ਨੇ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਇੰਚਾਰਜ ਮਾਝਾ ਜ਼ੋਨ ਦਾ ਧੰਨਵਾਦ ਕੀਤਾ। ਇਸ ਮੌਕੇ ਬੱਚਿਆਂ ਤੋਂ ਇਲਾਵਾ ਹੋਰ ਸਟਾਫ ਨੇ ਸ਼ਮੂਲੀਅਤ ਕੀਤੀ।

## ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹਿਲੇ ਪਾਤਸ਼ਾਹ ਜੀ ਸਬੰਧੀ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ



ਸ੍ਰੀ ਅਨੰਦਪੁਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਦੇਵ ਜੀ ਦਾ ਜੀਵਨ ਅਤੇ ਫਲਸਫ਼ਾ ਵਿਸ਼ੇ ਤੇ ਇੱਕ ਰੋਜ਼ਾ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਪ੍ਰਿੰਸੀਪਲ ਸੁਰਿੰਦਰ ਸਿੰਘ ਅਤੇ ਡਾਇਰੈਕਟਰ ਸਿੱਖਿਆ ਡਾ. ਜਤਿੰਦਰ ਸਿੰਘ ਸਿੱਧੂ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਇਸ ਮੌਕੇ ਬੋਲਦਿਆਂ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਫਲਸਫ਼ੇ ਦਾ ਧਾਰਨੀ ਬਣਨ ਦੀ ਪ੍ਰੇਰਨਾ ਕਰਦਿਆਂ ਨੌਜਵਾਨਾਂ ਨੂੰ ਬਾਣੀ ਪੜ੍ਹਨ, ਸਮਝਣ ਅਤੇ ਉਸ ਤੇ ਅਮਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਦਾ ਫਰਜ਼ ਹੈ ਕਿ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਉਣ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਟੀਚਾ ਹੈ ਕਿ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਫਲਸਫ਼ੇ ਤੋਂ ਪੂਰੇ ਵਿਸ਼ਵ ਨੂੰ ਜਾਣੂ ਕਰਵਾਇਆ ਜਾ ਸਕੇ। ਜਿਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦੇ ਹੋਏ ਨਗਰ ਕੀਰਤਨ ਗੁਰਮਤਿ ਸਮਾਗਮ ਅਤੇ ਵੱਡੇ ਪੱਧਰ ਤੇ ਸੈਮੀਨਾਰ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਮਕਸਦ ਹੈ ਕਿ ਨੌਜਵਾਨ ਪੀੜ੍ਹੀ ਨੂੰ ਵੱਧ ਤੋਂ ਵੱਧ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨਾਲ ਜੋੜਿਆ ਅਤੇ ਬਾਣੀ ਅਤੇ ਬਾਣੇ ਦਾ ਧਾਰਨੀ ਬਣਾਇਆ ਜਾ ਸਕੇ।

ਇਸ ਮੌਕੇ ਉਨ੍ਹਾਂ ਕਾਲਜ ਨੂੰ ਖੁਦਮੁਖਤਿਆਰ ਦਾ ਦਰਜਾ ਪ੍ਰਾਪਤ ਕਰਨ ਤੇ ਵਧਾਈ ਵੀ ਦਿੱਤੀ। ਇਸ ਦੌਰਾਨ ਪ੍ਰਧਾਨ ਸਾਹਿਬ ਵੱਲੋਂ ਪ੍ਰੋ. ਪਰਮਜੀਤ ਕੌਰ, ਧਰਮ ਅਧਿਐਨ ਵਿਭਾਗ ਦੁਆਰਾ ਕੀਤੀ ਗਈ ਜਪੁ ਜੀ ਸਾਹਿਬ ਦੀ ਵਿਆਖਿਆ ਜਪੁ ਵਿਚਾਰ ਦੀ ਸੀ.ਡੀ. ਰੀਲੀਜ਼ ਕੀਤੀ ਗਈ। ਇਸ ਤੋਂ ਪਹਿਲਾ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਾਲਜ ਪਹੁੰਚਣ ਤੇ ਜਿੱਥੇ ਮੁੱਖ ਮਹਿਮਾਨ, ਵਿਦਵਾਨਾਂ ਅਤੇ ਬਾਹਰੋਂ ਆਈਆਂ ਸ਼ਖਸ਼ੀਅਤਾਂ ਨੂੰ ਜੀ ਆਇਆ ਆਖਿਆ, ਉੱਥੇ ਹੀ ਇਸ ਸੈਮੀਨਾਰ ਨੂੰ ਆਯੋਜਿਤ ਕਰਨ ਦੇ ਮੰਤਵ ਤੋਂ ਵੀ ਜਾਣੂ ਕਰਵਾਇਆ।

## ਨੰਗਲ ਕਲਾਂ (ਮਾਨਸਾ) ਵਿਖੇ ਕਰਵਾਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 101 ਪ੍ਰਾਣੀਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਮਾਨਸਾ- ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਨੰਗਲ ਕਲਾਂ (ਮਾਨਸਾ) ਵਿਖੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਕਲ ਗੁ: ਪ੍ਰਬੰਧਕ ਕਮੇਟੀ, ਵੱਡਾ ਗੁਰਦੁਆਰਾ ਸਾਹਿਬ ਪਿੰਡ ਨੰਗਲ ਕਲਾਂ ਦੇ ਸਹਿਯੋਗ ਨਾਲ ਵਿਸ਼ੇਸ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਭਾਈ ਗੁਰਦਿੱਤ ਸਿੰਘ ਹਜ਼ੂਰੀ ਰਾਗੀ ਜਥਾ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਪਰਵਿੰਦਰ ਸਿੰਘ ਰਿਉਂਦ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਗੁਰਜੀਤ ਸਿੰਘ ਪਟਿਆਲਾ ਕਥਾ ਵਾਚਕ, ਢਾਡੀ ਜਥਾ ਭਾਈ ਹਰਵਿੰਦਰ ਸਿੰਘ ਬੱਗਾ, ਭਾਈ ਤਰਸੇਮ ਸਿੰਘ ਖੇਤਲਾ ਤੇ ਭਾਈ ਦਲਜੀਤ ਸਿੰਘ ਵਛੋਆ ਵੱਲੋਂ ਪਹੁੰਚੀਆਂ ਸੰਗਤਾਂ ਨੂੰ ਗੁਰਬਾਣੀ, ਗੁਰਇਤਿਹਾਸ ਅਤੇ ਹਰ ਜਸ ਕੀਰਤਨ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸਬ ਆਫਿਸ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ ਵੱਲੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਇਸ ਮੌਕੇ 101 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਜਥੇਦਾਰ ਮਿੱਠੂ ਸਿੰਘ ਕਾਹਨੇਕੇ ਮੈਂਬਰ ਸ੍ਰੋਮਣੀ ਕਮੇਟੀ ਵੱਲੋਂ ਇਸ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਬੋਲਦਿਆਂ ਜਥੇਦਾਰ ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ ਨੇ ਕਿਹਾ ਕਿ ਅੱਗੇ ਤੋਂ ਵੀ ਵੱਖ ਵੱਖ ਨਗਰਾਂ ਵਿੱਚ ਇਹੋ ਜਿਹੇ ਸਮਾਗਮ ਕਰਵਾਏ ਜਾਇਆ ਕਰਨਗੇ ਤਾਂ ਜੋ ਸੰਗਤਾਂ ਵੱਧ ਤੋਂ ਵੱਧ ਇਹਨਾਂ ਸਮਾਗਮਾਂ ਦਾ ਲਾਹਾ ਪ੍ਰਾਪਤ ਕਰਨ। ਇਸ ਸਮਾਗਮ ਦੌਰਾਨ ਜਥੇਦਾਰ ਬਲਦੇਵ ਸਿੰਘ ਮਾਖਾ ਸਾਬਕਾ ਮੈਂਬਰ ਸ੍ਰੋਮਣੀ ਕਮੇਟੀ, ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖਤ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ, ਸ. ਅਜੈਬ ਸਿੰਘ ਮੈਨੇਜਰ , ਸ. ਗੁਰਮੀਤ ਸਿੰਘ ਮੈਨੇਜਰ, ਸ. ਸੁਖਵਿੰਦਰ ਸਿੰਘ, ਜਥੇ. ਹਰਨੇਕ ਸਿੰਘ, ਸ. ਅਜੈਬ ਸਿੰਘ, ਭਾਈ ਬਲਕਾਰ ਸਿੰਘ ਗ੍ਰੰਥੀ, ਭਾਈ ਅਮਰਦੀਪ ਸਿੰਘ ਘਰਾਂਗਣਾ ਪ੍ਰਚਾਰਕ, ਭਾਈ ਤਰਸੇਮ ਸਿੰਘ ਖੇਤਲਾ ਢਾਡੀ ਜਥਾ, ਸ. ਅਮਰੀਕ ਸਿੰਘ ਜੀ ਡਸਕਾ, ਨਾਟਕ ਟੀਮ, ਭਾਈ ਬਲਵੀਰ ਸਿੰਘ ਰਾਏਪੁਰ ਅਤੇ ਅਮਨਦੀਪ ਸਿੰਘ ਫੱਤਾ ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਹਨ।

### 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਨੇ ਜਾਰੀ ਕੀਤਾ ਸਮਾਗਮਾਂ ਦਾ ਵੇਰਵਾ

## ਮੁੱਖ ਸਮਾਗਮ 'ਚ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਵੱਖ-ਵੱਖ ਸੂਬਿਆਂ ਦੇ ਗਵਰਨਰ ਤੇ ਮੁੱਖ ਮੰਤਰੀ ਕਰਨਗੇ ਸ਼ਿਰਕਤ-ਭਾਈ ਲੌਂਗੋਵਾਲ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਵਿਸ਼ਾਲ ਪੱਧਰ 'ਤੇ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮਾਂ ਦੀ ਰੂਪ-ਰੇਖਾ ਜਾਰੀ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਪਹਿਲੇ ਪਾਤਸ਼ਾਹ ਜੀ ਦਾ ਇਤਿਹਾਸਕ 550ਵਾਂ ਪ੍ਰਕਾਸ਼ ਪੁਰਬ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਸਮੁੱਚੇ ਵਿਸ਼ਵ ਅੰਦਰ ਪ੍ਰਚਾਰਨ ਪ੍ਰਸਾਰਨ ਦਾ ਇਕ ਅਹਿਮ ਮੌਕਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧ ਵਿਚ ਸਮਾਗਮ ਉਲੀਕੇ ਗਏ ਹਨ। ਭਾਈ ਲੌਂਗੋਵਾਲ ਅਨੁਸਾਰ ਸ਼ਤਾਬਦੀ ਮੌਕੇ 8 ਨਵੰਬਰ ਤੋਂ ਲੈ ਕੇ 12 ਨਵੰਬਰ ਤੱਕ ਵਿਸ਼ੇਸ਼ ਸਮਾਗਮ ਹੋਣਗੇ ਅਤੇ ਇਸ ਤੋਂ ਇਲਾਵਾ ਵੀ ਵੱਡੀ ਪੱਧਰ 'ਤੇ ਹੋਰ ਪ੍ਰੋਗਰਾਮ ਵੀ ਉਲੀਕੇ ਗਏ ਹਨ। ਉਨ੍ਹਾਂ ਖੁਲਾਸਾ ਕੀਤਾ ਕਿ 8 ਨਵੰਬਰ ਨੂੰ ਸ੍ਰੀ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਅੰਤਰ ਧਰਮ ਸੰਵਾਦ ਸੰਮੇਲਨ, 9 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਢਾਡੀ-ਕਵੀਸ਼ਰੀ ਦਰਬਾਰ, 9 ਨਵੰਬਰ ਦੀ ਰਾਤ ਨੂੰ ਸੁਲਤਾਨਪੁਰ ਲੋਧੀ ਵਿਖੇ ਹੀ ਵਿਸ਼ੇਸ਼ ਕਵੀ ਦਰਬਾਰ, 10 ਨਵੰਬਰ ਨੂੰ ਸੁਲਤਾਨਪੁਰ ਲੋਧੀ ਵਿਖੇ ਬੇਬੇ ਨਾਨਕੀ ਜੀ ਦੇ ਨਾਂ 'ਤੇ ਇਸਤਰੀ ਸੰਮੇਲਨ, 11 ਨਵੰਬਰ ਨੂੰ 101 ਸਿੱਖ ਸ਼ਖ਼ਸੀਅਤਾਂ ਦਾ ਸਨਮਾਨ ਸਮਾਗਮ ਅਤੇ ਰਾਤ ਨੂੰ ਭਾਈ ਮਰਦਾਨਾ ਜੀ ਨੂੰ ਸਮਰਪਿਤ ਸ਼ਬਦ ਵਿਚਾਰ ਤੇ ਰਾਗ ਦਰਬਾਰ ਹੋਵੇਗਾ। ਉਨ੍ਹਾਂ ਦੱਸਿਆ ਕਿ 12 ਨਵੰਬਰ ਨੂੰ ਮੁੱਖ ਸਮਾਗਮ ਵਿਚ ਸਿੰਘ ਸਾਹਿਬਾਨ, ਪ੍ਰਮੁੱਖ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਤੋਂ ਇਲਾਵਾ ਦੇਸ਼ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਵੱਖ-ਵੱਖ ਰਾਜਾਂ ਦੇ ਗਵਰਨਰ ਅਤੇ ਮੁੱਖ ਮੰਤਰੀ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਹੋਰਨਾਂ ਦੇਸ਼ਾਂ ਤੋਂ ਵੀ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ।

ਉਨ੍ਹਾਂ ਦੱਸਿਆ ਕਿ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ 10 ਅਕਤੂਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਮੇਲਨ ਵੀ ਰੱਖਿਆ ਗਿਆ ਹੈ। ਇਸ ਤੋਂ ਇਲਾਵਾ 3 ਨਵੰਬਰ ਨੂੰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਵੱਲੋਂ ਸੁਲਤਾਨਪੁਰ ਲੋਧੀ ਵਿਖੇ ਗੁਰਮਤਿ ਸਮਾਗਮ ਹੋਵੇਗਾ। ਭਾਈ ਲੌਂਗੋਵਾਲ ਨੇ ਇਹ ਵੀ ਦੱਸਿਆ 9 ਨਵੰਬਰ ਨੂੰ ਹੋਣ ਵਾਲੇ ਢਾਡੀ/ਕਵੀਸ਼ਰ ਦਰਬਾਰ ਤੋਂ ਪਹਿਲਾਂ ਮਾਝਾ, ਮਾਲਵਾ ਤੇ ਦੁਆਬਾ ਜੋਨਾਂ ਵਿਚ ਢਾਡੀ, ਕਵੀਸ਼ਰੀ ਮੁਕਾਬਲੇ ਕਰਵਾਏ ਜਾਣਗੇ। ਇਹ ਮੁਕਾਬਲੇ ਮਾਝਾ ਜੋਨ 'ਚ 25 ਤੇ 26 ਮਈ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ, ਮਾਲਵਾ ਜੋਨ 'ਚ 30 ਤੇ 31 ਮਈ ਨੂੰ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਅਤੇ ਦੁਆਬਾ ਜੋਨ 'ਚ 10 ਤੇ 11 ਜੂਨ ਨੂੰ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਹੋਣਗੇ।

**ਅੰਤਰ ਧਰਮ ਸੰਵਾਦ ਸੰਮੇਲਨ, ਸਿੱਖ ਸੰਮੇਲਨ, ਕਵੀ ਦਰਬਾਰ, ਇਸਤਰੀ ਸੰਮੇਲਨ ਤੋਂ ਇਲਾਵਾ ਹੋਵੇਗਾ 101 ਸ਼ਖ਼ਸੀਅਤਾਂ ਦਾ ਸਨਮਾਨ**

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਹੋਰ ਸਮਾਗਮਾਂ ਸਬੰਧੀ ਦੱਸਿਆ ਕਿ ਗੁਰੂ ਸਾਹਿਬ ਦੇ ਇਤਿਹਾਸਕ ਪੁਰਬ ਨੂੰ ਸਮਰਪਿਤ ਵੱਖ-ਵੱਖ ਸੈਮੀਨਾਰ ਵੀ ਉਲੀਕੇ ਗਏ ਹਨ। ਉਨ੍ਹਾਂ ਦੱਸਿਆ ਕਿ ਜਥੇਦਾਰ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ, ਬਨਾਰਸ ਯੂਨੀਵਰਸਿਟੀ ਤੇ ਜੈਪੁਰ ਯੂਨੀਵਰਸਿਟੀ ਵਿਖੇ ਸੈਮੀਨਾਰ ਕਰਵਾਏ ਜਾ ਚੁੱਕੇ ਹਨ, ਜਦਕਿ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ, ਮੁੰਬਈ, ਕਲਕੱਤਾ, ਢਾਕਾ, ਕਾਠਮੰਡੂ, ਜੰਮੂ ਕਸ਼ਮੀਰ, ਅਲੀਗੜ੍ਹ ਯੂਨੀਵਰਸਿਟੀ, ਬੰਗਲੌਰ ਵਿਖੇ ਸੈਮੀਨਾਰ ਕਰਵਾਏ ਜਾਣਗੇ। ਭਾਈ ਲੌਂਗੋਵਾਲ ਨੇ ਦੱਸਿਆ ਕਿ ਬਿਦਰ (ਕਰਨਾਟਕ), ਕਾਠਮੰਡੂ (ਨੇਪਾਲ), ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੱਕ ਵਿਸ਼ੇਸ਼ ਨਗਰ ਕੀਰਤਨ ਸਜਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਪੁਸਕਤਾਂ ਵੀ ਤਿਆਰ ਕੀਤੀਆਂ ਜਾਣਗੀਆਂ। ਇਨ੍ਹਾਂ ਪੁਸਤਕਾਂ ਵਿਚ ਜਪੁਜੀ ਸਾਹਿਬ-ਸ. ਤੇਜਾ ਸਿੰਘ ਐਮ.ਏ., ਗੁਰੂ ਨਾਨਕ ਐਂਡ ਹਿੰਜ ਮਿਸ਼ਨ-ਪ੍ਰਿੰਸੀਪਲ ਤੇਜਾ ਸਿੰਘ ਐਮ.ਏ., ਏ ਬਰੀਫ ਅਕਾਊਂਟ ਆਫ਼ ਸਿੱਖ-ਡਾ. ਗੰਡਾ ਸਿੰਘ, ਦ ਸਿੱਖ ਰਿਲੀਜਨ-ਪ੍ਰਿੰਸੀਪਲ ਤੇਜਾ ਸਿੰਘ ਐਮ.ਏ., ਅਮੇਜਿੰਗ ਟਰੈਵਲਜ ਆਫ ਗੁਰੂ ਨਾਨਕ ਦੇਵ ਜੀ-ਕਰਨਲ ਦਲਵਿੰਦਰ ਸਿੰਘ ਸ਼ਾਮਲ ਹਨ। ਇਸ ਤੋਂ ਇਲਾਵਾ ਗੁਰਮਤਿ ਪ੍ਰਕਾਸ਼ ਦੇ ਵਿਸ਼ੇਸ਼ ਅੰਕ ਕੱਢਣ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਤੇ ਸਿੱਖਿਆਵਾਂ ਨਾਲ ਸਬੰਧਤ 100 ਲੇਖਾਂ ਦੀ ਪੁਸਤਕ ਵੀ ਤਿਆਰ ਕੀਤੀ ਜਾਵੇਗੀ। ਭਾਈ ਲੌਂਗੋਵਾਲ ਨੇ ਇਹ ਵੀ ਦੱਸਿਆ ਕਿ ਸ਼ਤਾਬਦੀ ਮੌਕੇ ਕਰਵਾਏ ਜਾਣ ਵਾਲੇ ਕਵੀ ਦਰਬਾਰ ਦੀਆਂ ਕਵਿਤਾਵਾਂ ਨੂੰ ਵੀ ਪੁਸਤਕ ਰੂਪ ਵਿਚ ਛਾਪਿਆ ਜਾਵੇਗਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਮੀਤ ਸਿੰਘ ਬੂਹ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ, ਭਾਈ ਸੁਖਵਿੰਦਰ ਸਿੰਘ ਅਗਵਾਨ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 66ਵੇਂ ਹਫਤਾਵਾਰੀ ਸਮਾਗਮ ਸਮੇਂ 235 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਚੌਥੇ ਤਖ਼ਤ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਗੁਰਮਤਿ ਪ੍ਰਚਾਰ ਲਹਿਰ ਅਤੇ ਹਫਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 66ਵਾਂ ਹਫਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਦੌਰਾਨ ਵਹੀਰ ਵਿਚ ਸ਼ਾਮਲ ਰਾਗੀ ਜਥੇ, ਢਾਡੀ ਜਥੇ, ਕਵੀਸ਼ਰੀ ਜਥੇ ਅਤੇ ਪ੍ਰਚਾਰਕ ਆਪੋ-ਆਪਣੇ ਹਲਕੇ ਦੀਆਂ ਸੰਗਤਾਂ ਸਮੇਤ ਸ਼ਾਮਲ ਹੋਏ। ਹਫਤਾਵਾਰੀ ਗੁਰਮਤਿ ਸਮਾਗਮ ਵਿਚ ਭਾਈ ਗੁਰਜੰਟ ਸਿੰਘ ਹੈਡ ਗ੍ਰੰਥੀ, ਭਾਈ ਧਰਮਵੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਮੱਘਰ ਸਿੰਘ ਭੌਰਾ ਢਾਡੀ ਜਥਾ, ਭਾਈ ਅਵਤਾਰ ਸਿੰਘ ਲੇਹਲ ਕਵੀਸ਼ਰੀ ਜਥਾ, ਭਾਈ ਗੁਰਮੇਲ ਸਿੰਘ ਮਾਖਾ ਪ੍ਰਚਾਰਕ ਅਤੇ ਭਾਈ ਮੇਜਰ ਸਿੰਘ ਘੁਦੂਵਾਲਾ ਪ੍ਰਚਾਰਕ ਵੱਲੋਂ ਗੁਰੂ ਜੱਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਤਲਵੰਡੀ ਸਾਬੋ ਦੀ ਪ੍ਰੇਰਨਾ ਸਦਕਾ ਮਾਲਵਾ ਜੋਨ ਵਿਚ ਸੇਵਾਵਾਂ ਨਿਭਾਅ ਰਹੇ ਪ੍ਰਚਾਰਕਾਂ, ਢਾਡੀਆਂ ਤੇ ਕਵੀਸ਼ਰਾਂ ਵੱਲੋਂ ਪਿੰਡ-ਪਿੰਡ ਜਾ ਕੇ ਸੰਗਤਾਂ ਨੂੰ ਗੁਰਬਾਣੀ, ਗੁਰ ਇਤਿਹਾਸ, ਸਿੱਖ ਇਤਿਹਾਸ ਅਤੇ ਰਹਿਤ ਮਰਯਾਦਾ ਤੋਂ ਜਾਣੂੰ ਕਰਵਾਇਆ ਜਾਂਦਾ ਹੈ। ਸ. ਸਰੋਆ ਨੇ ਦੱਸਿਆ ਕਿ ਮਾਨਯੋਗ ਪ੍ਰਧਾਨ ਸਾਹਿਬ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਚਲਾਈ ਗੁਰਮਤਿ ਪ੍ਰਚਾਰ ਵਹੀਰ ਦੀ ਪ੍ਰੇਰਨਾ ਸਦਕਾ ਵੱਖ-ਵੱਖ ਇਲਾਕਿਆਂ ਤੋਂ 235 ਪ੍ਰਾਣੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਛਕੀ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਹੋਰ ਸੰਗਤਾਂ ਨੂੰ ਵੀ ਆਉਂਦੇ ਸਮਾਗਮਾਂ ਵਿਚ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦੀ ਅਪੀਲ ਕੀਤੀ। ਇਨ੍ਹਾਂ ਸਮਾਗਮਾਂ ਦੌਰਾਨ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ ਮੈਂਬਰ ਅੰਤ੍ਰਿੰਗ ਕਮੇਟੀ, ਬੀਬੀ ਜਸਪਾਲ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਜਥੇਦਾਰ ਜਗਜੀਤ ਸਿੰਘ ਖਾਲਸਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਹਫਤਾਵਾਰੀ ਸਮਾਗਮ ਦੀ ਸਮਾਪਤੀ ਉਪਰੰਤ ਢਾਡੀ, ਪ੍ਰਚਾਰਕ ਅਤੇ ਕਵੀਸ਼ਰਾਂ ਵੱਲੋਂ ਆਪਣੀਆਂ ਹਫਤਾਵਾਰੀ ਰਿਪੋਰਟਾਂ ਸਬ ਆਫਿਸ ਨੂੰ ਸੌਂਪੀਆਂ ਗਈਆਂ ਅਤੇ ਅਗਲੇ ਹਫਤਾਵਾਰੀ ਸਮਾਗਮ ਤੋਂ ਪਹਿਲਾਂ ਪ੍ਰਚਾਰ ਦੇ ਪ੍ਰੋਗਰਾਮ ਦੀ ਰੂਪ-ਰੇਖਾ ਉਲੀਕੀ ਗਈ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੁਪਿੰਦਰ ਸਿੰਘ ਲਹਿਰੀ, ਸ. ਦਰਸ਼ਨ ਸਿੰਘ ਢੀਂਡਸਾ ਸੁਪਰਵਾਈਜ਼ਰ, ਸ. ਰਣਜੋਧ ਸਿੰਘ ਰੀਕਾਰਡ ਕੀਪਰ, ਭਾਈ ਬਲਵੀਰ ਸਿੰਘ ਚੀਮਾ ਤੇ ਭਾਈ ਅਮਨਦੀਪ ਸਿੰਘ ਫੱਤਾ ਆਦਿ ਹਾਜ਼ਰ ਸਨ।

# ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ੭ ਜਨਵਰੀ ਨੂੰ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਜੈਕਾਰਿਆਂ ਦੀ ਗੂੰਜ ਵਿਚ ਹੋਈ ਸੰਪੰਨ

## ਸ਼ਬਦ ਗੁਰੂ ਯਾਤਰਾ ਨੂੰ ਸੰਗਤਾਂ ਦਾ ਮਿਲਿਆ ਭਰਵਾਂ ਸਹਿਯੋਗ


ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਿਕਰਮਾ 'ਚੋਂ ਲੰਘਣ ਸਮੇਂ

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭ ਕੀਤੀ ਗਈ ਸ਼ਬਦ ਗੁਰੂ ਯਾਤਰਾ ਲਗਭਗ ਚਾਰ ਮਹੀਨੇ ਦੌਰਾਨ ਵੱਖ-ਵੱਖ ਪੜਾਵਾਂ ਤੋਂ ਹੁੰਦੀ ਹੋਈ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੰਨ ਹੋ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਇਹ ਸ਼ਬਦ ਗੁਰੂ ਯਾਤਰਾ 7 ਜਨਵਰੀ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਹੀ ਆਰੰਭੀ ਗਈ ਸੀ। 3 ਮਈ ਨੂੰ ਸੰਪੂਰਨਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਬਦ ਗੁਰੂ ਯਾਤਰਾ ਦਾ ਸਵਾਗਤ ਕੀਤਾ ਅਤੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਭੇਟ ਕੀਤੇ। ਸੰਪੂਰਨਤਾ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ ਨੇ ਅਰਦਾਸ ਕੀਤੀ। ਇਸ ਸਮੇਂ ਵੱਡੀ ਪੱਧਰ 'ਤੇ ਸੰਗਤਾਂ ਮੌਜੂਦ ਸਨ, ਜਿਨ੍ਹਾਂ ਨੇ ਖ਼ਾਲਸਾਈ ਜੈਕਾਰਿਆਂ ਨਾਲ ਸ਼ਬਦ ਗੁਰੂ ਯਾਤਰਾ ਦਾ ਸਵਾਗਤ ਕੀਤਾ। ਇਸ ਮੌਕੇ ਭਾਈ ਲੌਂਗੋਵਾਲ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਵੱਲੋਂ ਕੌਮਾਂਤਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ, ਜਿਸ ਸਬੰਧੀ ਸੰਗਤ ਵਿਚ ਪ੍ਰੇਰਣਾ ਅਤੇ ਉਤਸ਼ਾਹ ਪੈਦਾ ਕਰਨ ਲਈ ਆਰੰਭੀ ਗਈ ਸ਼ਬਦ ਗੁਰੂ ਯਾਤਰਾ ਸਫ਼ਲਤਾਪੂਰਵਕ ਸੰਪੰਨ ਹੋਈ ਹੈ। ਉਨ੍ਹਾਂ ਸ਼ਬਦ ਗੁਰੂ ਯਾਤਰਾ ਦੇ ਵੱਖ-ਵੱਖ ਪੜਾਵਾਂ ਦੌਰਾਨ ਸਹਿਯੋਗ ਕਰਨ ਵਾਲੀਆਂ ਸਿੱਖ ਜਥੇਬੰਦੀਆਂ, ਸਭਾ ਸੁਸਾਇਟੀਆਂ, ਧਾਰਮਿਕ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ। ਭਾਈ ਲੌਂਗੋਵਾਲ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਸ਼ਤਾਬਦੀ ਸਮਾਗਮਾਂ ਤੱਕ ਨਿਰੰਤਰ ਜਾਰੀ ਰਹਿਣਗੇ ਅਤੇ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਸਾਰੀਆਂ ਧਿਰਾਂ ਦਾ ਸਹਿਯੋਗ ਲਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸੀਨੀਅਰ ਆਗੂ ਬੀਬੀ ਰੁਪਿੰਦਰਜੀਤ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਜਰਨੈਲ ਸਿੰਘ ਡੋਗਰਾਂ ਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਗੁਰਮੀਤ ਸਿੰਘ ਬੂਹ, ਸ. ਰਣਜੀਤ ਸਿੰਘ ਕਾਹਲੋਂ, ਸ. ਸਰਵਨ ਸਿੰਘ ਕੁਲਾਰ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਸਕੱਤਰ ਸਿੰਘ ਮੀਤ ਸਕੱਤਰ, ਬਾਬਾ ਸਤਨਾਮ ਸਿੰਘ ਕਾਰਸੇਵਾ ਵਾਲੇ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਸਰਬਜੀਤ ਸਿੰਘ ਧੂੰਦਾ, ਸ. ਕੁਲਵੰਤ ਸਿੰਘ, ਸ. ਮੇਜਰ ਸਿੰਘ ਅਰਜਨਮਾਂਗਾ, ਸ. ਜਰਨੈਲ ਸਿੰਘ ਆਦਿ ਮੌਜੂਦ ਸਨ।

**ਸ਼ਬਦ ਗੁਰੂ ਯਾਤਰਾ ਦਾ ਵੱਖ-ਵੱਖ ਪੜਾਵਾਂ ਤੇ ਹੋਇਆ ਭਰਵਾਂ ਸਵਾਗਤ-**

ਗੁਰਦੁਆਰਾ ਬੇਰ ਸਾਹਿਬ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ 31 ਮਾਰਚ ਰਾਤ ਨੂੰ ਗੁਰਦੁਆਰਾ ਗਰਨਾ ਸਾਹਿਬ ਬੋਦਲ ਵਿਖੇ ਪਹੁੰਚੀ ਜਿਥੋਂ 1 ਅਪ੍ਰੈਲ ਨੂੰ ਗੁਰਦੁਆਰਾ ਗਰਨਾ ਸਾਹਿਬ ਬੋਦਲ (ਹੁਸ਼ਿਆਰਪੁਰ) ਤੋਂ ਆਰੰਭ ਹੋ ਕੇ ਸ਼ਬਦ ਗੁਰੂ ਯਾਤਰਾ ਅੱਡਾ ਗਰਨਾ ਸਾਹਿਬ, ਲੰਗਰਪੁਰ, ਦਸੂਹਾ ਰੋਡ, ਘੋਘਰਾ, ਨੰਗਲ ਬਿਹਾਲਾਂ, ਰਣਸ਼ੋਤਾ, ਦਸਮੇਸ਼ ਪਬਲਿਕ ਸਕੂਲ ਸੀਪਰੀਆ, ਖਿਜਰਪੁਰ, ਹਾਜੀਪੁਰ, ਭਲੋਵਾਲ, ਦਗਨ ਧਾਮੀਆਂ, ਡਾਲੋਵਾਲ, ਗੁਰਦੁਆਰਾ ਸਾਹਿਬ ਹਿੰਦ ਦੀ ਚਾਦਰ ਮੁਕੇਰੀਆਂ ਹੁੰਦੀ ਹੋਈ ਦਸਮੇਸ਼ ਗਰਲਜ਼ ਕਾਲਜ ਮੁਕੇਰੀਆਂ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

2 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਦਸਮੇਸ਼ ਗਰਲਜ਼ ਕਾਲਜ ਮੁਕੇਰੀਆਂ ਤੋਂ ਆਰੰਭ ਹੋਈ ਇਥੋਂ ਚਲ ਕੇ ਮੰਝ, ਮਸ਼ਾਹਪੁਰ, ਭੰਗਾਲਾ, ਮੀਰਥਲ, ਅਬਾਦਗੜ੍ਹ, ਕੌਂਤਰਪੁਰਾ, ਨੰਗਲਭੂਰ, ਡਮਟਾਲ, ਪਠਾਨਕੋਟ, ਢਾਂਗੂ ਰੋਡ, ਗੁਰਦੁਆਰਾ ਸੁੰਦਰ ਨਗਰ, ਮਾਡਲ ਟਾਊਨ ਮੀਰਪੁਰ ਕਲੋਨੀ, ਗਾਂਧੀ ਚੌਂਕ, ਸਿੰਬਲ ਚੌਂਕ, ਮਮੂਨ ਚੌਂਕ, ਪੰਗੋਲੀ ਚੌਂਕ, ਘੋਹ ਮੋੜ, ਰਾਣੀਪੁਰ ਦਾ ਤਲਾਬ, ਜਗਿਆਲ ਤੋਂ ਹੁੰਦੀ ਹੋਈ ਗੁਰਦੁਆਰਾ ਸਿੰਘ ਸਭਾ ਟਾਊਨ ਸ਼ਿਪ ਸ਼ਾਹਪੁਰ ਕੰਡੀ ਜਗਿਆਲ ਡੈਮ ਵਿਖੇ ਰਾਤ ਦੇ ਵਿਸ਼ਰਾਮ ਲਈ ਠਹਿਰੀ।

3 ਅਪ੍ਰੈਲ ਨੂੰ ਗੁਰਦੁਆਰਾ ਸਿੰਘ ਸਭਾ ਟਾਊਨ ਸ਼ਿਪ ਸ਼ਾਹਪੁਰ ਕੰਡੀ ਜਗਿਆਲ ਡੈਮ ਤੋਂ ਆਰੰਭ ਹੋ ਕੇ ਸ਼ਬਦ ਗੁਰੂ ਯਾਤਰਾ ਰਾਣੀਪੁਰ ਚੌਂਕ ਦਾ ਖੂਹ, ਡਿਫੈਂਸ ਰੋਡ, ਜੰਮੂ ਰੋਡ, ਸੁਜਾਨਪੁਰ, ਜਾਖਿਆ ਲਾਹੜੀ, ਬਹਾਦਰ ਲਾਹੜੀ, ਮਲਕਪੁਰ ਚੌਂਕ, ਬੁੱਢਾ ਨਗਰ, ਸਰਨਾ ਚੌਂਕ, ਧਾਰੀਵਾਲ, ਗੁਰਦੁਆਰਾ ਬਾਰਠ ਸਾਹਿਬ, ਬਲਸੂਆ, ਧੋਬੜਾ ਮੋੜ, ਰਛਪਾਲਵਾਂ, ਜਗਤਪੁਰ, ਕਾਨਵਾਂ, ਪਰਮਾਨੰਦ ਮੋੜ, ਤੰਗੋਸ਼ਾਹ, ਸਾਲੋਵਾਲ, ਤਾਰਾਗੜ੍ਹ, ਸੈਦੀਪੁਰ, ਗੁਰਦੁਆਰਾ ਸਿੰਘ ਸਭਾ ਦੀਨਾਨਗਰ, ਗੁਰਦੁਆਰਾ ਸ਼ੇਰੇ ਪੰਜਾਬ ਦੀਨਾਨਗਰ, ਬਹਿਰਾਮਪੁਰ ਰੋਡ, ਆਹਲੂਵਾਲ, ਬਾਠਾਂਵਾਲਾ, ਰਾਮਪੁਰ, ਬਹਿਰਾਮਪੁਰ, ਨੀਵਾਂ ਧਕਾਲਾ, ਸੁਲਤਾਨੀ, ਬਾਊਪੁਰ ਜੱਟਾਂ, ਗਾਹਲੜੀ ਅੱਡਾ ਦੇ ਰਸਤੇ ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

4 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਤੋਂ ਖੁਥੀ ਮੋੜ, ਬੁਗਨਾ ਮੋੜ, ਜੀਵਨ ਚੱਕ ਮੋੜ, ਅੱਡਾ ਗੰਜਾ-ਗੰਜੀ, ਟੋਟਾ, ਪੈਟਰੋਲ ਪੰਪ, ਸੱਦਾ ਮੋੜ, ਮਗਰਮੂਦੀਆਂ, ਸੇਖਾ ਮੋੜ, ਭਾਗੋਕਾਵਾਂ ਮੋੜ, ਅੱਡਾ ਆਲੇ ਚੱਕ, ਹੱਲਾ ਚਾਹੀਆ ਮੋੜ, ਅੱਡਾ ਬਥਵਾਲਾ, ਸੰਤ ਨਗਰ, ਸਰਕਾਰੀ ਕਾਲਜ ਗੁਰਦਾਸਪੁਰ, ਕੈਪਟਨ ਨਵਦੀਪ ਗੇਟ, ਡਾਕਖਾਨਾ ਚੌਂਕ, ਜਹਾਜ ਚੌਂਕ, ਹਨੂੰਮਾਨ ਚੌਂਕ ਰਾਹੀਂ ਗੁਰਦੁਆਰਾ ਬਾਬਾ ਟਹਿਲ ਸਿੰਘ ਜੀ ਗੁਰਦਾਸਪੁਰ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।

5 ਅਪ੍ਰੈਲ ਨੂੰ ਗੁਰਦੁਆਰਾ ਬਾਬਾ ਟਹਿਲ ਸਿੰਘ ਜੀ ਗੁਰਦਾਸਪੁਰ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਮੇਹਰ ਚੰਦ ਰੋਡ, ਕਾਹਨੂੰਵਾਨ ਚੌਂਕ, ਨਬੀਪੁਰ, ਖੋਖਰ, ਸਲੇਮ ਅਰਾਈਆਂ, ਕੋਟਲੀ, ਮੰਗਲਸੈਣ, ਗਜਨੀਪੁਰ, ਤਤਲੇ, ਸੇਖੂਪੁਰ, ਜੌੜਾ ਛੱਤਰਾਂ, ਅਮੀਪੁਰ, ਖਹਿਰਾ ਕੋਟਲੀ, ਭਿਖਾਰੀਵਾਲ, ਬਖਸ਼ੀਵਾਲ, ਸੰਗਤਪੁਰ, ਗੋਸਲ, ਨੜਾਂਵਾਲੀ, ਬਿਸ਼ਨਕੋਟ, ਕਲਾਨੌਰ, ਸਰਜੇਚੱਕ ਮੋੜ, ਸ਼ਾਹਪੁਰ ਗੋਰਾਇਆ, ਅਗਵਾਨ, ਹਰੂਵਾਲ, ਮਾਨ, ਕਾਹਲਾਂਵਾਲੀ ਚੌਂਕ, ਚੰਦੂਨੰਗਲ, ਹੁੰਦੀ ਹੋਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪਹੁੰਚੀ।

6 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਦੀ ਆਰੰਭਤਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਹੋਈ। ਇਥੋਂ ਚਲ ਕੇ ਯਾਤਰਾ ਕਾਹਲਾਂਵਾਲੀ ਚੌਂਕ, ਕਾਹਲਾਂਵਾਲੀ ਪਿੰਡ, ਚਾਕਾਂਵਾਲੀ, ਬਹਿਲੋਲਪੁਰ, ਸ਼ਿਕਾਰਮਾਛੀਆਂ, ਡੇਰਾ ਪਠਾਣਾ, ਕੋਟਲੀ ਸੂਰਤ ਮੱਲ੍ਹੀ, ਰਾਏ ਚੱਕ, ਚੈਨੇਵਾਲ, ਦਾਲਮ ਨੰਗਲ, ਭਾਗੋਵਾਲ, ਕਿਲਾ ਲਾਲ ਸਿੰਘ, ਗੁਰਦੁਆਰਾ ਓਠੀਆਂ ਸਾਹਿਬ, ਤਾਰਾਗੜ੍ਹ, ਹਰੂਵਾਲ, ਰਿਖੀਆ, ਤਲਵੰਡੀ ਲਾਲ ਸਿੰਘ, ਸ਼ੰਕਰਪੁਰਾ ਚੌਂਕ, ਦਾਬਾਂਵਾਲੀ ਮੋੜ, ਬੁਲੋਵਾਲ, ਅਲੀਵਾਲ, ਬਿਸ਼ਨੀਵਾਲ ਅੱਡਾ, ਜਾਂਗਲਾ, ਨਾਸਰਕੇ, ਕੋਟਲੀ ਢਾਡੀਆਂ, ਲੰਗਰਵਾਲ ਅੱਡਾ, ਪਾਰੋਵਾਲ ਅੱਡਾ, ਖਹਿਰਾ ਕਲਾਂ, ਭਾਲੋਵਾਲੀ, ਠੱਠਾ ਮੋੜ, ਪਿੰਡੀ, ਪੁਰਾਣਾ ਬਸ ਅੱਡਾ ਫਤਹਿਗੜ੍ਹ ਚੂੜੀਆਂ ਤੋਂ ਹੁੰਦੀ ਹੋਈ ਗੁਰਦੁਆਰਾ ਸੰਗਤ ਸਾਹਿਬ ਫਤਹਿਗੜ੍ਹ ਚੂੜੀਆਂ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

7 ਅਪ੍ਰੈਲ ਨੂੰ ਗੁਰਦੁਆਰਾ ਸੰਗਤ ਸਾਹਿਬ ਫਤਿਹਗੜ੍ਹ ਚੂੜੀਆਂ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਹਵੇਲੀਆਂ, ਦਾਦੂਯੋਧ, ਘਾੜਕੀਆਂ, ਸਮਰਾਵਾਂ, ਟਰਪੱਲਾ, ਹਰਦੋ ਰਵਾਲ ਕਲਾਂ, ਗੁ: ਬਾਬਾ ਬੁੱਢਾ ਸਹਿਬ ਜੀ ਰਮਦਾਸ, ਅਵਾਨ, ਪੈੜੇਵਾਲ, ਥੋਬਾ, ਕੱਲੋ ਮਾਹਲ, ਗੱਗੋਮਾਹਲ, ਡਿਆਲ ਭੱਟੀ, ਅਨੈਤਪੁਰਾ, ਨਾਨਕਪੁਰਾ, ਗੁਜਰਪੁਰਾ ਤੋਂ ਹੁੰਦੀ ਹੋਈ ਗੁ: ਸ਼ਹੀਦ ਬਾਬਾ ਦੀਪ ਸਿੰਘ ਜੀ ਅਜਨਾਲਾ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

8 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁ: ਸ਼ਹੀਦ ਬਾਬਾ ਦੀਪ ਸਿੰਘ ਜੀ ਅਜਨਾਲਾ ਤੋਂ ਆਰੰਭ ਹੋਈ। ਇਥੋਂ ਚਲ ਕੇ ਯਾਤਰਾ ਤਲਵੰਡੀ, ਬੋਹੜੀ, ਪੂੰਗਾ, ਕੋਟਲਾ ਸੁਰਾਜ ਲੁਹਾਰ, ਜਸਰਾਊਰ, ਭਿੰਡੀ ਸੈਦਾਂ, ਕੋਟਲੀ ਦਸੰਧੀ, ਭੱਗੂਪੁਰ ਬੇਟ, ਮੋਹਲੇਕੇ, ਚੂਚਕਵਾਲ, ਮੁੱਧ, ਭੀਲੋਵਾਲ, ਵੈਰੋਕੇ, ਪ੍ਰੀਤਨਗਰ, ਲੋਪੋਕੇ, ਚੋਗਾਵਾਂ, ਕੋਹਾਲੀ, ਖਿਆਲਾ, ਕੋਟਲਾ ਡੂਮ, ਰਾਮਤੀਰਥ, ਕਲੇਰ, ਬੋਪਾਰਾਏ ਬਾਜ ਸਿੰਘ, ਖਾਸਾ, ਅਟਾਰੀ ਹੁੰਦੀ ਹੋਈ ਗੁਰਦੁਆਰਾ ਸਾਹਿਬ ਗੁਰੂਸਰ ਸਤਲਾਣੀ ਪਾ: ਛੇਵੀਂ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

9 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਗੁਰੂਸਰ ਸਤਲਾਣੀ ਪਾ: ਛੇਵੀਂ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚਲ ਕੇ ਰਣੀਕੇ ਮੋੜ, ਅਟਾਰੀ ਵੱਡਾ ਅੱਡਾ, ਨੇਸ਼ਟਾ, ਰਾਜਾਤਾਲ, ਬੁਰਜ, ਭੁੱਸੇ ਮੋੜ, ਭੁੱਸੇ ਪਿੰਡ, ਚੀਚਾ, ਭਕਨਾ, ਚੱਕ ਮੁਕੰਦ, ਮੁਲਾ ਬਹਿਰਾਮ, ਕੋਟਲੀ ਮੀਆਂ ਖਾਂ ਹੁੰਦੀ ਹੋਈ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿਲਾਂ ਵਿਖੇ ਪਹੁੰਚੀ।

10 ਅਪ੍ਰੈਲ ਨੂੰ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿਲਾਂ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਕੋਟਲੀ ਨਸੀਰ ਖਾਂ, ਸ਼ਾਘਣਾ, ਪੁਲ ਬਹੋੜੂ, ਮੰਡਿਆਲਾ, ਚੱਬਾ, ਵਰਪਾਲ, ਮਹਿਮਾ ਪੰਡੋਰੀ, ਡੇਰਾ ਬਾਬਾ ਭੂਰੀ ਵਾਲੇ ਜੀ (ਝੀਤੇਕਲਾਂ), ਦਬੁਰਜੀ, ਦਰਸ਼ਨ ਐਵਨਿਊ, ਕੰਵਰ ਐਵਨਿਊ, ਲੱਖਾ ਸਿੰਘ ਦੇ ਪਲਾਟ, ਭਾਈ ਧਰਮ ਸਿੰਘ ਖਾਲਸਾ ਚੈਰੀਟੇਬਲ ਟਰੱਸਟ ਸੁਲਤਾਨਵਿੰਡ, ਗੁ: ਅਟਾਰੀ ਸਾਹਿਬ ਸੁਲਤਾਨਵਿੰਡ ਪਾ: ਛੇਵੀਂ, ਸੁਲਤਾਨਵਿੰਡ ਨਹਿਰ, ਗੋਬਿੰਦ ਨਗਰ, ਸੁਲਤਾਨਵਿੰਡ ਗੇਟ, ਘਿਉ ਮੰਡੀ ਚੌਂਕ ਰਸਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੀ। 15 ਅਪ੍ਰੈਲ ਤੱਕ ਸ਼ਬਦ ਗੁਰੂ ਯਾਤਰਾ ਦਾ ਪੜਾਅ ਇਥੇ ਹੀ ਰਿਹਾ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ 16 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚਲ ਕੇ ਘਿਉ ਮੰਡੀ ਚੌਂਕ, ਸ਼ੇਰਾਂ ਵਾਲਾ ਗੇਟ, ਮਹਾਂ ਸਿੰਘ ਗੇਟ, ਬਾਲਮੀਕ ਚੌਂਕ, ਬੱਸ ਸਟੈਂਡ, ਹੁਸੈਨਪੁਰਾ ਚੌਂਕ, ਫੋਰ ਐਸ ਚੌਂਕ, ਬਟਾਲਾ ਰੋਡ, ਸੈਲੀਬਰੇਸ਼ਨ ਮਾਲ, ਵਿਜੇ ਨਗਰ ਤੋਂ


ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸਮਾਪਤੀ ਸਮੇਂ


ਸ੍ਰੀ ਅੰਮ੍ਰਿਤਸਰ ਵਿਖੇ ਪੁੱਜਣ ਸਮੇਂ


ਸ੍ਰੀ ਅੰਮ੍ਰਿਤਸਰ ਤੋਂ ਰਵਾਨਗੀ ਸਮੇਂ







ਗੁਰਦੁਆਰਾ ਨਾਨਕਸਰ ਸਾਹਿਬ ਵੇਰਕਾ ਹੁੰਦੇ ਹੋਏ ਵਾਪਸੀ ਵੇਰਕਾ ਚੌਂਕ, ਮਜੀਠਾ ਰੋਡ ਬਾਈਪਾਸ ਚੌਂਕ ਤੋਂ ਗੁਰੂ ਨਾਨਕ ਹਸਪਤਾਲ ਰੋਡ ਤੋਂ ਜੋਸ਼ੀ ਰੋਡ, ਰਤਨ ਸਿੰਘ ਚੌਂਕ, ਪਾਵਰ ਹਾਊਸ ਚੌਂਕ ਰਣਜੀਤ ਐਵਨਿਊ ਸੀ ਬਲਾਕ, ਪੁਲਿਸ ਚੌਂਕੀ ਤੋਂ ਐਮ. ਕੇ. ਰੋਡ, ਕਚਿਹਰੀ ਚੌਂਕ, ਰਾਣੀ ਕਾ ਬਾਗ, ਸਦਰ ਚੌਂਕ, ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਖੰਡ ਵਾਲਾ ਚੌਂਕ ਹੁੰਦੇ ਹਏ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾ: ਛੇਵੀਂ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

17 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾ: ਛੇਵੀਂ ਤੋਂ ਆਰੰਭ ਹੋਈ। ਇਥੋਂ ਚਲ ਕੇ ਇੰਡੀਆਂ ਗੇਟ, ਬਾਈਪਾਸ, ਡੇਰਾ ਬਾਬਾ ਦਰਸ਼ਨ ਸਿੰਘ, ਅਜਨਾਲਾ ਰੋਡ ਚੌਂਕ, ਫਤਿਹਗੜ੍ਹ ਚੂੜੀਆਂ ਚੌਂਕ, ਮਜੀਠਾ ਰੋਡ ਚੌਂਕ, ਨਵੇਂ ਨਾਗ, ਨਾਗ ਕਲਾਂ, ਮਜੀਠਾ ਸ਼ਹਿਰ, ਅਜੈਬਵਾਲੀ, ਕੱਥੂਨੰਗਲ ਰਾਹੀ ਸ਼ਬਦ ਗੁਰੂ ਯਾਤਰਾ ਜਨਮ ਅਸਥਾਨ ਬਾਬਾ ਬੁੱਢਾ ਜੀ ਕੱਥੂਨੰਗਲ ਵਿਖੇ ਪਹੁੰਚੀ।



18 ਅਪ੍ਰੈਲ ਨੂੰ ਜਨਮ ਅਸਥਾਨ ਬਾਬਾ ਬੁੱਢਾ ਜੀ ਕੱਥੂਨੰਗਲ ਤੋਂ ਚਲ ਕੇ ਸ਼ਬਦ ਗੁਰੂ ਯਾਤਰਾ ਚਵਿੰਡਾ ਦੇਵੀ, ਸ਼ਹਿਯਾਦਾ, ਫੱਤੂਭੀਲਾ, ਟਾਹਲੀ ਸਾਹਿਬ, ਖੇੜੇ ਬਾਲਾ ਚੱਕ, ਸਰਹਾਲਾ, ਲਹਿਰਕਾ, ਤਲਵੰਡੀ ਅੱਡਾ, ਪਾਖਰਪੁਰਾ, ਘਸੀਟਪੁਰਾ, ਬਾਈ ਪਾਸ ਬਟਾਲਾ, ਮੜੀਆਂ ਵਾਲਾ ਅੱਡਾ, ਬੋਦੇ ਦੀ ਖੂਹੀ ਅੱਡਾ, ਬਾਈਪਾਸ ਜਲੰਧਰ ਰੋਡ, ਉਮਰਪੁਰਾ ਅੱਡਾ ਤੋਂ ਹੁੰਦੀ ਹੋਈ ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਜਲੰਧਰ ਰੋਡ ਬਟਾਲਾ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

19 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਸ੍ਰੀ ਗੁਰੂ ਨਾਨਕ ਦੇਵ ਅਕੈਡਮੀ ਜਲੰਧਰ ਰੋਡ ਬਟਾਲਾ ਤੋਂ ਆਰੰਭ



ਹੋਈ। ਇਥੋਂ ਚਲ ਕੇ ਚੁੰਗੀ ਕਾਦੀਆਂ, ਗੁਰੂ ਤੇਗ ਬਹਾਦਰ ਕਲੋਨੀ, ਪੁਲ ਹੰਸਲੀ, ਸ਼ਹੀਦ ਭਾਈ ਸੁੱਖਾ ਸਿੰਘ ਮਹਿਤਾਬ ਸਿੰਘ ਚੌਂਕ, ਬਸ ਅੱਡਾ ਬਟਾਲਾ, ਸਿੰਬਲ ਚੌਂਕ, ਗੁ: ਰਾਮਗੜੀਆ ਕਾਹਨੂੰਵਾਨ ਰੋਡ,



ਗੁ: ਸਿੰਘ ਸਭਾ ਸ਼ਾਸਤਰੀ ਨਗਰ, ਵਾਪਸੀ ਸ਼ਹੀਦ ਭਾਈ ਸੁੱਖਾ ਸਿੰਘ ਮਹਿਤਾਬ ਸਿੰਘ ਚੌਂਕ, ਚੁੰਗੀ ਕਾਦੀਆਂ, ਅਰਬਨ ਸਟੇਟ, ਗੌਂਸਪੁਰ, ਸ਼ਾਹਬਾਦ, ਲੱਖੋਰਾਹ ਅੱਡਾ, ਦਿਵਾਨੀਵਾਲ ਵੱਡਾ ਛੋਟਾ, ਪੁਰਾਣਾ ਪਿੰਡ, ਗੁ: ਫਲਾਹੀ ਸਾਹਿਬ, ਵਡਾਲਾ ਗ੍ਰੰਥੀਆਂ, ਗ੍ਰੰਥ ਗੜ੍ਹ, ਲੋਹ ਚੱਪ, ਭਾਗੀਆਂ, ਨੰਗਲ ਬੁੱਟਰ, ਥਿੰਦ ਧਾਰੀਵਾਲ, ਧੰਨੇ, ਚੀਮਾ ਭਿੱਟੇਵੱਡ, ਕੋਟਲਾ ਮੂਸਾ, ਅੱਡਾ ਡੱਲਾ ਮੋੜ, ਨਾਥਪੁਰ, ਜਥੇਦਾਰ ਪ੍ਰੀਤਮ ਸਿੰਘ ਭਾਟੀਆ ਗੇਟ, ਬਸ ਅੱਡਾ ਕਾਦੀਆਂ ਤੋਂ ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਪਹੁੰਚੀ।

20 ਅਪ੍ਰੈਲ ਨੂੰ ਸਿੱਖ ਨੈਸ਼ਨਲ ਕਾਲਜ ਕਾਦੀਆਂ ਤੋਂ ਆਰੰਭ ਹੋ ਕੇ ਸ਼ਬਦ ਗੁਰੂ ਯਾਤਰਾ ਨਿਰਮਾਣ ਚੌਂਕ, ਹਰਚੋਵਾਲ ਰੋਡ, ਬਿਜਲੀ ਘਰ ਕਾਦੀਆਂ, ਨੰਗਲ ਬਾਗਬਾਨੀ, ਕਾਹਲਵਾਂ ਮੋੜ, ਢੱਪਈ ਅੱਡਾ, ਬਸਰਾਵਾਂ ਅੱਡਾ, ਭਾਮੜੀ ਅੱਡਾ, ਹਰਚੋਵਾਲ ਚੌਂਕ, ਭਾਮ, ਸ੍ਰੀ ਹਰਗੋਬਿੰਦਪੁਰ ਸ਼ਹਿਰ, ਮਚਰਾਵਾਂ ਪਿੰਡ, ਪੋਜੇਚੱਕ, ਘੁਮਾਣ, ਬਰਿਆਰ, ਅਠਵਾਲ, ਬੋਹਜਾ, ਕੋਟਲਾ ਸੂਬਾ ਸਿੰਘ, ਖੱਬੇ ਰਾਜਪੂਤਾਂ, ਮਹਿਤਾ ਚੌਂਕ ਹੁੰਦੀ ਹੋਈ ਗੁਰਦੁਆਰਾ ਦਰਸ਼ਨ ਪ੍ਰਕਾਸ਼ ਮਹਿਤਾ (ਦਮਦਮੀ ਟਕਸਾਲ) ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

21 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਦਰਸ਼ਨ ਪ੍ਰਕਾਸ਼ ਮਹਿਤਾ (ਦਮਦਮੀ ਟਕਸਾਲ) ਤੋਂ ਆਰੰਭ ਹੋ ਕੇ ਉਦੋਨੰਗਲ, ਗੁ: ਬੇਰ ਸਾਹਿਬ ਪਾ: ਛੇਵੀਂ ਬੋਪਾਰਾਏ, ਖੁਜਾਲਾ, ਦਸਮੇਸ਼ ਨਗਰ, ਗਹਿਰੀ ਮੰਡੀ, ਬਾਈਪਾਸ, ਦਰਵਾਜਾ ਸ਼ੇਖ ਫੱਤਾ, ਜੰਡਿਆਲਾ ਸ਼ਹਿਰ, ਜੀ.ਟੀ. ਰੋਡ ਮੱਲੀਆਂ, ਗੁ: ਸਾਹਿਬ ਪਾ: ਛੇਵੀਂ, ਟਾਂਗਰਾ, ਖਲਚੀਆਂ, ਥੋਥੀਆਂ, ਰਈਆ ਮੋੜ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਪਹੁੰਚੀ।

22 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਤੋਂ ਆਰੰਭ ਹੋ ਕੇ ਸ਼ਬਦ ਗੁਰੂ ਯਾਤਰਾ ਧਿਆਨਪੁਰ, ਕਲੇਰ, ਘੁਮਾਣ, ਦਨਿਆਲ, ਵਡਾਲਾ, ਕਲਾਂ, ਠੱਠੀਆਂ, ਬੇਦਾਦਪੁਰ, ਸਠਿਆਲਾ ਮੋੜ, ਸਠਿਆਲਾ, ਬੁਤਾਲਾ, ਗਾਜੀਵਾਲ, ਜੋਧੇ, ਬਲਸਰਾਂ, ਵੜੈਚ, ਬੁੱਢਾ ਥੇਹ, ਬਿਆਸ ਪੁਲ, ਢਿੱਲਵਾਂ, ਮਨਸੂਰਵਾਲ ਬੇਟ, ਬੁਤਾਲਾ, ਮੁਗਲ ਚੱਕ, ਚੱਕੋਕੀ, ਹੈਬਤਪੁਰ, ਅੱਡਾ ਮਿਰਜਾਪੁਰ ਰਸਤੇ ਗੁਰਦੁਆਰਾ ਬਾਉਲੀ ਸਾਹਿਬ ਨਡਾਲਾ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

23 ਅਪ੍ਰੈਲ ਨੂੰ ਗੁਰਦੁਆਰਾ ਬਾਉਲੀ ਸਾਹਿਬ ਨਡਾਲਾ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਰਾਇਪੁਰ ਰਾਜਪੂਤਾਂ, ਇਬਰਾਹੀਮਵਾਲ, ਅੱਡਾ ਕੂਕਾਂ, ਤਲਵੰਡੀ ਕੂਕਾਂ, ਨੰਗਲ ਲੁਬਾਣਾਂ, ਮਿਆਣੀ ਭੱਗੂਪੁਰੀਆ, ਸੀਕਰੀ, ਬੇਗੋਵਾਲ, ਭਦਾਸ, ਮੁਬਾਰਕਪੁਰ ਬਾਉਲੀ, ਭੁਲੱਥ, ਪੰਡੋਰੀ ਰਾਜਪੂਤਾਂ, ਪੰਡੋਰੀ ਅਰਾਈਆਂ, ਲਿੱਟਾਂ, ਰਾਮਗੜ੍ਹ, ਮਾਨਾਂ ਤਲਵੰਡੀ, ਕੱਦੋਵਾਲ, ਧੀਰਪੁਰ, ਮੁਹਾਰ, ਹਮੀਰਾ ਅੱਡਾ, ਦਿਆਲਪੁਰ ਤੋਂ ਹੁੰਦੇ ਹੋਏ ਰਾਤ ਨੂੰ ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ ਵਿਖੇ ਪਹੁੰਚੀ।

24 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ ਤੋਂ ਆਰੰਭ ਹੋਈ। ਇਥੋਂ ਚਲ ਕੇ ਫਾਜਿਲਪੁਰ, ਪੱਤੜ ਕਲਾਂ, ਕੋਟ ਕਰਾਰ ਖਾਂ, ਫਤਿਹ ਜਲਾਲ, ਸਰਾਏ ਖਾਸ, ਜੀ.ਟੀ. ਰੋਡ ਕਰਤਾਰਪੁਰ, ਅਲੀ ਖੇਲਾਂ, ਕਾਲਾ ਖੇੜਾ, ਬੜਾ ਪਿੰਡ, ਦੇਵੀਦਾਸਪੁਰ, ਆਲਮਪੁਰਬੱਕਾ, ਮਾਂਗੇਕੀ, ਖੈਰਾਬਾਦ ਤਲਵੰਡੀ, ਜੰਡੇ ਸਰਾਏ, ਬੁਲੋਵਾਲ, ਚਾਹੜਕੇ, ਲੁਹਾਰਾਂ ਰਸਤੇ ਗੁਰਦੁਆਰਾ ਸਾਹਿਬ ਗੁਰੂ ਨਾਨਕ ਯਾਦਗਰ ਅੜਿੱਕਾ (ਭੋਗਪੁਰ) ਪਹੁੰਚ ਕੇ ਰਾਤ ਵਿਸ਼ਰਾਮ ਕੀਤਾ।

25 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਗੁਰੂ ਨਾਨਕ ਯਾਦਗਰ ਅੜਿੱਕਾ (ਭੋਗਪੁਰ) ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਬਿਨਪਾਲਕੇ, ਚੱਕ ਝੰਡੂ, ਘੋੜਾਵਾਹੀ, ਮਾਣਕਰਾਏ, ਨੰਗਲ ਸਲਾਲਾ, ਦਾਰਾਪੁਰ, ਡੀਂਗਰੀਆਂ, ਪੰਡੋਰੀ ਨਿੱਝਰਾਂ, ਨਾਹਲਾਂ, ਕੰਡਿਆਣਾ, ਆਦਮਪੁਰ ਨਹਿਰ, ਖੁਰਦਪੁਰ, ਫਤਿਹਪੁਰ, ਕੁਠਾਰ, ਮਸਾਣੀਆਂ, ਮਾਣਕੋ ਤੋਂ ਡੇਰਾ ਬਾਬਾ ਸੰਤਪੁਰਾ ਜਬੜ ਵਿਖੇ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

26 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਡੇਰਾ ਬਾਬਾ ਸੰਤਪੁਰਾ ਜਬੜ ਤੋਂ ਚਲ ਕੇ ਡਰੋਲੀ ਕਲਾਂ, ਗੁਰਦੁਆਰਾ ਬਾਬਾ ਮਤੀ ਜੀ, ਡਰੋਲੀ ਕਲਾਂ ਕਾਲਜ, ਡੁਮੰਡਾ, ਕੰਦੋਲਾ, ਕਾਲਰਾ, ਜਲਪੋਤਾ, ਢੰਡੋਰੀ, ਢੰਡੋਰਾ, ਈਸ਼ਰਵਾਲ, ਨੌਲੀ, ਨੰਗਲ ਫਤਿਹ ਖਾਂ, ਪਤਾਰਾ, ਤੱਲਣ, ਚਾਂਦਪੁਰ, ਪਰਸਰਾਮਪੁਰ, ਸਲੇਮਪੁਰ, ਪੂਰਨਪੁਰ, ਸਰਨਾਣਾ, ਬੋਲੀਨਾ, ਕੰਗਣੀਵਾਲ, ਚੋਹਕਲਾਂ, ਭੋਜੋਵਾਲ, ਡੇਰਾ ਬਾਬਾ ਬਸੰਤ ਸਿੰਘ ਜੀ ਹੁੰਦੀ ਹੋਈ ਨਿਰਮਲ ਕੁਟੀਆ ਜੌਹਲਾਂ ਵਿਖੇ ਪਹੁੰਚੀ।

27 ਅਪ੍ਰੈਲ ਨੂੰ ਡੇਰਾ ਬਾਬਾ ਬਸੰਤ ਸਿੰਘ ਜੀ ਤੋਂ ਚਲ ਕੇ ਸ਼ਬਦ ਗੁਰੂ ਯਾਤਰਾ ਨਿਰਮਲ ਕੁਟੀਆ ਜੌਹਲਾਂ ਤੋਂ ਰਾਮਾ ਮੰਡੀ, ਕੈਂਟ, ਦੁਸ਼ਿਹਰਾ ਗਰਾਊਂਡ, ਦੀਪ ਨਗਰ ਕੋਟ ਕਲਾਂ, ਕੋਟ ਕਰਾਰ ਖਾਂ, ਬੰਬੀਆਂ ਵਾਲ, ਸੌਫੀ ਪਿੰਡ, ਅਲੀਪੁਰ, ਕੁਕੜ ਪਿੰਡ, ਖੁਸਰੋਪੁਰ, ਸੰਸਾਰਪੁਰ, ਖੇੜਾ, ਜਮਸ਼ੇਰ, ਭੋਡੇ ਸਪਰਾਏ, ਨਾਨਕ ਪਿੰਡੀ, ਚੰਨਣਪੁਰ, ਜੁਗਰਾਲ, ਉਧੋਪੁਰ, ਬਰਸਾਲ, ਸ਼ਾਹਪੁਰ, ਕਾਦੀਆਂ ਵਾਲੀ, ਫੋਲੜੀਵਾਲ, ਅਰਬਨ ਅਸਟੇਟ ਫੇਜ਼ 2, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਹੁੰਦੀ ਹੋਈ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾ: ਨੌਵੀਂ ਗੁਰੂ ਤੇਗ ਬਹਾਦਰ ਨਗਰ (ਜਲੰਧਰ) ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

28 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾ: ਨੌਵੀਂ ਤੋਂ ਗੁਰੂ ਤੇਗ ਬਹਾਦਰ ਨਗਰ ਤੋਂ ਆਰੰਭ ਹੋਈ। ਇਥੋਂ ਚਲ ਕੇ ਮਾਡਲ ਹਾਊਸ, ਬਸਤੀ ਸ਼ੇਖ ਚੌਂਕ, ਬਬਰੀਕ ਚੌਂਕ, ਆਦਰਸ਼ ਨਗਰ, ਬਸਤੀ ਮਿੱਠੂ, ਸਪੋਰਟਸ ਕਾਲਜ, ਕਪੂਰਥਲਾ ਰੋਡ, ਪਟੇਲ ਚੌਂਕ, ਮਾਈ ਹੀਰਾ ਗੇਟ, ਕਿਸ਼ਨਪੁਰਾ, ਪ੍ਰੀਤ ਨਗਰ ਰਸਤੇ ਯਾਤਰਾ ਗੁਰਦੁਆਰਾ ਛਾਉਣੀ ਨਿਹੰਗ ਸਿੰਘਾਂ ਸੋਡਲ ਰੋਡ ਜਲੰਧਰ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

29 ਅਪ੍ਰੈਲ ਨੂੰ ਗੁਰਦੁਆਰਾ ਛਾਉਣੀ ਨਿਹੰਗ ਸਿੰਘਾਂ ਸੋਡਲ ਰੋਡ ਜਲੰਧਰ ਤੋਂ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਪਠਾਨਕੋਟ ਰੋਡ, ਪੀ.ਏ.ਪੀ. ਚੌਂਕ, ਰਾਮਾਮੰਡੀ ਚੌਂਕ, ਖਜੂਰਲਾ, ਚਹੇੜੂ, ਲਵਲੀ ਯੂਨੀਵਰਸਿਟੀ, ਸਪਰੋੜ, ਫਗਵਾੜਾ ਬੱਸ ਸਟੈਂਡ ਸਾਈਡ ਰਾਹੀਂ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਪਹੁੰਚੀ।



30 ਅਪ੍ਰੈਲ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਤੋਂ ਆਰੰਭ ਹੋ ਕੇ ਹੁਸ਼ਿਆਰਪੁਰ ਬਾਈ ਪਾਸ, ਭੁਲਾਰਾਈ ਕਲੋਨੀ, ਖੁਰਮਪੁਰ, ਖਾਟੀ, ਰਾਵਲਪਿੰਡੀ, ਹਰਬੰਸਪੁਰ, ਰੋਹਾਣਾ ਜੱਟਾਂ, ਬਘਾਣਾਂ, ਪਾਂਸਟਾ, ਨਰੂੜ, ਖਲਿਆਣ, ਸਾਹਨੀ, ਰਾਵਲਪਿੰਡੀ, ਫਗਵਾੜਾ, ਵਿਰਕਾਂ, ਇੰਦਣ, ਕੈਲਾਸਕੇ, ਦੁਸਾਂਝ ਕਲਾਂ ਤੋਂ ਹੁੰਦੇ ਹੋਏ ਗੁਰਦੁਆਰਾ ਗੁਰੂ ਨਾਨਕ ਨਿਸ਼ਕਾਮ ਦਰਬਾਰ ਪਿੰਡ ਗੁੜਾ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।



1 ਮਈ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਗੁਰੂ ਨਾਨਕ ਨਿਸ਼ਕਾਮ ਦਰਬਾਰ ਪਿੰਡ ਗੁੜਾ ਤੋਂ ਆਰੰਭ ਹੋਈ। ਇਥੋਂ ਚਲ ਕੇ ਯਾਤਰਾ ਰੁੜਕਾ ਖੁਰਦ, ਗੁਰਾਇਆ ਸ਼ਹਿਰ, ਬੋਪਾਰਾਏ, ਸੰਗ ਢੇਸੀਆਂ, ਸੂਰਜਾ, ਘੁੜਕਾ, ਰੁੜਕੀ, ਕਾਹਨਾਂ ਢੇਸੀਆਂ, ਰਾਜ ਗੋਸਾਲ, ਰੁੜਕਾ ਕਲਾਂ, ਪਾਸਲਾ, ਮਹਿਸਮਪੁਰ, ਦਾਰਾਪੁਰ, ਬੇਗਮਪੁਰਾ, ਪ੍ਰਤਾਬਪੁਰਾ, ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਮੌ ਸਾਹਿਬ, ਪੁਆਦੜਾ, ਤਲਵਣ, ਕੰਧੋਲਾ ਕਲਾ, ਨੂਰ ਮਹਿਲ, ਭੰਗਾਲਾ, ਜੰਡਿਆਲਾ, ਸਰੀਂਹ, ਸੰਕਰ, ਚੱਕ ਮੁਗਲਾਨੀ, ਗੁਰਦੁਆਰਾ ਸਿੰਘ ਸਭਾ ਨਕੋਦਰ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ।



2 ਮਈ ਨੂੰ ਗੁਰਦੁਆਰਾ ਸਿੰਘ ਸਭਾ ਨਕੋਦਰ ਤੋਂ ਸ਼ਬਦ ਗੁਰੂ ਯਾਤਰਾ ਆਰੰਭ ਹੋ ਕੇ ਬੁਢੀ ਪਿੰਡ, ਮਹੇੜੂ, ਖੰਡ ਮਿਲ, ਗੱਗੜਵਾਲ, ਬਾੜਾ ਸਲਾਮ, ਅੱਲੋਵਾਲ, ਮਹਿਤਪੁਰ, ਬੁਲੰਦਾ, ਪਰਜੀਆ, ਰੌਤਾਂ, ਬੱਗਾ, ਬੁੱਢਣਵਾਲ ਹੁੰਦੀ ਹੋਈ ਗੁਰਦੁਆਰਾ ਸਾਹਿਬ ਬਾਬਾ ਸੁਖਚੈਨ ਦਾਸ ਜੀ ਬਾਜਵਾ ਕਲਾਂ ਵਿਖੇ ਪਹੁੰਚੀ ਜਿਥੇ ਸੰਗਤ ਨੇ ਰਾਤ ਵਿਸ਼ਰਾਮ ਕੀਤਾ।

3 ਮਈ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਬਾਬਾ ਸੁਖਚੈਨ ਦਾਸ ਜੀ ਬਾਜਵਾ ਕਲਾਂ ਤੋਂ ਆਪਣੇ ਆਖਰੀ ਪੜਾਅ ਲਈ ਰਵਾਨਾ ਹੋਈ। ਇਥੋਂ ਚਲ ਕੇ ਸ਼ਾਹਕੋਟ, ਸਲੈਚਾ ਬਾਈ ਪਾਸ ਅੱਡਾ, ਸਾਰੰਗਵਾਲ, ਜਾਫਰਵਾਲ, ਕੌਹਾੜ ਖੁਰਦ, ਮਾਣਕਪੁਰ, ਨਵਾਂ ਪਿੰਡ- ਅਕਾਲੀਆਂ, ਰੇੜਵਾਂ, ਪੂਨੀਆਂ, ਯੱਕੋਪੁਰ ਕਲਾਂ, ਕਾਕੜ ਕਲਾਂ, ਕੰਗ ਕਲਾਂ, ਨਵਾਂ ਪਿੰਡ ਖਾਲੇਵਾਲ, ਸਿਧੂਪੁਰ, ਲੋਹੀਆਂ ਖਾਸ, ਬਾੜਾ ਬੁੱਧ ਸਿੰਘ, ਦੀਪੇਵਾਲ ਹੁੰਦੇ ਹੋਏ ਸੰਗਤਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ (ਕਪੂਰਥਲਾ) ਵਿਖੇ ਪਹੁੰਚੀਆਂ।

7 ਜਨਵਰੀ ਨੂੰ ਆਰੰਭ ਹੋਈ ਸ਼ਬਦ ਗੁਰੂ ਯਾਤਰਾ ਦਾ ਚਾਰ ਮਹੀਨੇ ਦੇ ਕਰੀਬ ਸਫਰ ਬਹੁਤ ਹੀ ਸੁਹਾਣਾ ਹੋਇਆ। ਸ਼ਬਦ ਗੁਰੂ ਯਾਤਰਾ ਦੇ ਸਾਰੇ ਰਸਤੇ ਅਤੇ ਪੜਾਵਾਂ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ, ਹਲਕਿਆਂ ਦੇ ਇੰਚਾਰਜ ਸਾਹਿਬਾਨ, ਧਾਰਮਿਕ ਰਾਜਨੀਤਕ ਆਗੂਆਂ, ਸਭਾ ਸੁਸਾਇਟੀਆਂ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ।

ਸੰਗਤਾਂ ਵੱਲੋਂ ਥਾਂ-ਥਾਂ ’ਤੇ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾਏ ਗਏ। ਸੰਗਤਾਂ ਦਾ ਉਤਸ਼ਾਹ ਸ਼ਬਦ ਗੁਰੂ ਯਾਤਰਾ ਦੀ ਸਫਲਤਾ ਨੂੰ ਬਿਆਨ ਕਰਦਾ ਸੀ।



